SWITCH INSURANCE
AUTO, HOME & COMMERCIAL
Auto&Home Insurance
Commercial Vehicle Insurance
Commercial Property Insurance
Commercial General Liability (CGL)
Rental Property
Call:905-965-7474
7900 Hurontario St., Suite 308, Brampton, ON, L6Y 0P6
https://www.switchinsurance.ca

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 21* Issue 234 | Wednesday, December 07, 2022 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਸਟਰਾਂਗ ਮੇਅਰ ਬਿੱਲ ਉੱਤੇ ਰੋਕ ਲਾਉਣ ਲਈ ਟੋਰਾਂਟੋ ਕਾਊਂਸਲ ਦੇ ਮੈਂਬਰਾਂ ਨੇ ਪ੍ਰੋਵਿੰਸ ਨੂੰ ਲਿਖਿਆ ਪੱਤਰ



ਟੋਰਾਂਟੋ, 6 ਦਸੰਬਰ (ਪੋਸਟ ਬਿਊਰੋ) : ਟੋਰਾਂਟੋ ਸਿਟੀ ਕਾਊਂਸਲ ਦੇ ਅੱਧੇ ਤੋਂ ਵੱਧ ਮੈਂਬਰਾਂ ਵੱਲੋਂ ਪ੍ਰੀਮੀਅਰ ਡੱਗ ਫੋਰਡ ਤੇ ਓਨਟਾਰੀਓ ਦੇ ਮਿਊਂਸਪਲ ਅਫੇਅਰਜ਼ ਮੰਤਰੀ ਸਟੀਵ ਕਲਾਰਕ ਨੂੰ ਲਿਖੇ ਪੱਤਰ ਵਿੱਚ ਇਹ ਬੇਨਤੀ ਕੀਤੀ ਗਈ ਹੈ ਕਿ ਬਿੱਲ 39 ਨੂੰ ਮੁੜ ਵਿਚਾਰਿਆ ਜਾਵੇ। ਇਸ ਬਿੱਲ ਰਾਹੀਂ ਜੌਹਨ ਟੋਰੀ ਨੂੰ ਵਧੇਰੇ ਸ਼ਕਤੀਆਂ ਹਾਸਲ ਹੋਣਗੀਆਂ।

ਇਸ ਪੱਤਰ ਉੱਤੇ ਦਸਤਖ਼ਤ ਕਰਨ ਵਾਲੇ 15 ਕਾਊਂਸਲਰਜ਼ ਵਿੱਚੋਂ ਇੱਕ ਡੇਵਨਪੋਰਟ ਤੋਂ ਕਾਊਂਸਲਰ ਐਲੇਜ਼ੈਂਡਰਾ ਬ੍ਰਾਵੋ ਨੇ ਆਖਿਆ ਕਿ ਅਸੀਂ ਬਿੱਲ 39 ਉੱਤੇ ਵਿਚਾਰ ਕੀਤਾ ਹੈ ਤੇ ਇਸ ਦੀ ਜਮਹੂਰੀਅਤ ਵਿੱਚ ਕੋਈ ਥਾਂ ਨਹੀਂ। ਉਨ੍ਹਾਂ ਆਖਿਆ ਕਿ ਹਰ ਬੋਰਡ, ਹਰ ਏਜੰਸੀ, ਗੈਰ ਸਰਕਾਰੀ, ਕਾਰਪੋਰੇਸ਼ਨ ਤੇ ਹਰੇਕ ਵਿਧਾਨਸਭਾ ਵਿੱਚ ਬਹੁਗਿਣਤੀ ਤੋਂ ਉਲਟ ਇੱਕ ਤਿਹਾਈ ਵੋਟਾਂ ਨਾਲ ਕੌਣ ਕੰਮ ਕਰਦਾ ਹੈ।

ਹਰੇਕ ਕਾਊਂਸਲਰ ਨੇ ਆਖਿਆ ਕਿ ਉਹ ਇਹ ਗੱਲ ਨੂੰ ਲੈ ਕੇ ਚਿੰਤਤ ਹਨ ਕਿ ਟੋਰਾਂਟੋ ਸਿਟੀ ਹਾਲ ਵਿੱਚ ਉਨ੍ਹਾਂ ਦੀ ਰਜ਼ਾਮੰਦੀ ਤੋਂ ਬਿਨਾਂ ਹੀ ਕੰਮ ਹੋ ਜਾਇਆ ਕਰੇਗਾ ਤੇ ਕਈ ਮਾਮਲਿਆਂ ਵਿੱਚ ਉਨ੍ਹਾਂ ਦੀ ਰਾਇ ਦੀ ਕੋਈ ਅਹਿਮੀਅਤ ਹੀ ਨਹੀਂ ਹੋਵੇਗੀ। ਇਸ ਨਾਲ ਸ਼ਕਤੀਆਂ ਦੀ ਦੁਰਵਰਤੋਂ ਹੋ ਸਕਦੀ ਹੈ ਤੇ ਸਾਰਾ ਸੰਤੁਲਨ ਗੜਬੜਾ ਜਾਵੇਗਾ।

ਯੂਨੀਵਰਸਿਟੀ ਰੋਜ਼ਡੇਲ ਤੋਂ ਕਾਊਂਸਲਰ ਡਾਇਨ ਨੇ ਆਖਿਆ ਕਿ ਇਹ ਪੱਤਰ ਲਿਖ ਕੇ ਉਹ ਪ੍ਰੋਵਿੰਸ ਨੂੰ ਇਹ ਬਿੱਲ ਪਾਸ ਕਰਨ ਤੋਂ ਰੋਕਣਾ ਚਾਹੁੰਦੇ ਹਨ।

ਇਹ ਪੱਤਰ ਸਾਂਝਾ ਕੀਤੇ ਜਾਣ ਤੋਂ ਬਾਅਦ ਮੇਅਰ ਜੌਹਨ ਟੋਰੀ ਵੱਲੋਂ ਜਾਰੀ ਕੀਤੇ ਗਏ ਬਿਆਨ ਵਿੱਚ ਆਖਿਆ ਗਿਆ ਕਿ ਉਹ ਪਿਛਲੇ ਅੱਠ ਸਾਲ ਤੋਂ ਆਪਣੇ ਕੰਮ ਕਰਨ ਦਾ ਢੰਗ ਤੇ ਪਹੁੰਚ ਸੱਭ ਨੂੰ ਵਿਖਾ ਚੁੱਕੇ ਹਨ ਤੇ ਇਸ ਵਿੱਚ ਕੋਈ ਬਦਲਾਅ ਨਹੀਂ ਆਵੇਗਾ। ਉਨ੍ਹਾਂ ਆਖਿਆ ਕਿ ਕੰਮ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਉਹ ਕਾਊਂਸਲ ਨਾਲ ਰਲ ਕੇ ਕੰਮ ਕਰਦੇ ਰਹਿਣਗੇ। ਉਨ੍ਹਾਂ ਆਖਿਆ ਕਿ ਭਾਵੇਂ ਇਸ ਹਫਤੇ ਕੁਈਨਜ਼ ਪਾਰਕ ਵਿੱਚ ਪ੍ਰੋਵਿੰਸ਼ੀਅਲ ਤਬਦੀਲੀਆਂ ਨੂੰ ਮਨਜ਼ੂਰੀ ਮਿਲ ਜਾਵੇਗੀ ਪਰ ਉਹ ਹਰੇਕ ਮੁੱਦੇ ਉੱਤੇ ਕਾਊਂਸਲ ਦੀ ਸਹਿਮਤੀ ਲੈਣ ਦੀ ਕੋਸ਼ਿਸ਼ ਕਰਨਗੇ।

## ਅਰਥਚਾਰੇ ਦੇ ਵਿਕਾਸ ਤੇ ਵੀਜ਼ਾ ਪ੍ਰੋਸੈਸਿੰਗ ਸਮਰੱਥਾ ਨੂੰ ਵਧਾਉਣ ਵਿੱਚ ਮਦਦ ਕਰੇਗੀ ਸਰਕਾਰ ਦੀ ਇੰਡੋ-ਪੈਸੇਫਿਕ ਰਣਨੀਤੀ : ਸਹੋਤਾ

ਬਰੈਂਪਟਨ, 6 ਦਸੰਬਰ (ਪੋਸਟ ਬਿਊਰੋ) : ਇਸ ਹਫਤੇ ਦੇ ਸ਼ੁਰੂ ਵਿੱਚ ਕੈਨੇਡਾ ਦੀ ਫੈਡਰਲ ਸਰਕਾਰ ਵੱਲੋਂ ਇੰਡੋ-ਪੈਸੇਫਿਕ ਰਣਨੀਤੀ ਦਾ ਐਲਾਨ ਕੀਤਾ ਗਿਆ। ਇਸ ਰਣਨੀਤੀ ਵਿੱਚ ਕੈਨੇਡਾ ਦੇ ਵਿਕਾਸ, ਖੁਸ਼ਹਾਲੀ ਤੇ ਸਕਿਊਰਿਟੀ ਵਿੱਚ ਹੋਰ ਵਾਧਾ ਕੀਤਾ ਜਾਣਾ ਸ਼ਾਮਲ ਹੈ। ਇੰਡੋ-ਪੈਸੇਫਿਕ ਰਣਨੀਤੀ ਰਾਹੀਂ ਕੈਨੇਡਾ ਵੀਜ਼ਾ ਪ੍ਰੋਸੈਸਿੰਗ ਸਮਰੱਥਾ ਨੂੰ ਵਧਾਉਣ ਲਈ 75 ਮਿਲੀਅਨ ਡਾਲਰ ਦਾ ਨਿਵੇਸ਼ ਕਰਨ ਜਾ ਰਿਹਾ ਹੈ।



ਇੰਡੋ-ਪੈਸੇਫਿਕ ਰਣਨੀਤੀ ਅਸਲ ਵਿੱਚ ਕੈਨੇਡਾ ਵੱਲੋਂ ਇੰਡੋ-ਪੈਸੇਫਿਕ ਰੀਜਨ ਨਾਲ ਕੈਨੇਡਾ ਦੇ ਸਬੰਧਾਂ ਨੂੰ ਹੋਰ ਸੁਧਾਰਨ ਦੀ ਪੇਸ਼ਕਦਮੀ ਹੈ। ਇਸ ਰਣਨੀਤੀ ਵਿੱਚ ਸਾਡੇ ਅਰਥਚਾਰੇ ਤੇ ਇਸ ਦੇ ਭਵਿੱਖ ਦਾ ਅਹਿਮ ਪੱਖ ਲੁਕਿਆ ਹੋਇਆ ਹੈ। ਸਾਡੀ ਇੰਡੋ-ਪੈਸੇਫਿਕ ਰਣਨੀਤੀ ਨਾਲ ਇਮੀਗ੍ਰੇਸ਼ਨ ਹੋਰ ਮਜ਼ਬੂਤ ਹੋਵੇਗਾ ਤੇ ਕੈਨੇਡਾ ਦੇ ਇੰਡੋ-ਪੈਸੇਫਿਕ ਰੀਜਨ ਨਾਲ ਸਬੰਧ ਵੀ ਹਰ ਡੂੰਘੇ ਹੋਣਗੇ।

ਬਰੈਂਪਟਨ ਨੌਰਥ ਤੋਂ ਐਮਪੀ ਰੂਬੀ ਸਹੋਤਾ ਨੇ ਉਕਤ ਵਿਚਾਰ ਪ੍ਰਗਟਾਉਂਦਿਆਂ ਅੱਗੇ ਆਖਿਆ ਕਿ ਕੈਨੇਡੀਅਨ ਕਮਿਊਨਿਟੀ ਤੇ ਸਾਡੀ ਵਰਕਫੋਰਸ ਇੰਡੋ-ਪੈਸੇਫਿਕ ਰੀਜਨ ਤੋਂ ਆਉਣ ਵਾਲੇ ਇਮੀਗ੍ਰੈਂਟਸ ਉੱਤੇ ਕਾਫੀ ਹੱਦ ਤੱਕ ਨਿਰਭਰ ਕਰਦੀ ਹੈ। ਉਨ੍ਹਾਂ ਆਖਿਆ ਕਿ ਇਸ ਫੰਡਿੰਗ ਦੇ ਪੈਣ ਵਾਲੇ ਸਕਾਰਾਤਮਕ ਪ੍ਰਭਾਵ ਨੂੰ ਵੇਖਣ ਲਈ ਉਹ ਕਾਫੀ ਉਤਸ਼ਾਹਿਤ ਹਨ।

ਉਨ੍ਹਾਂ ਆਖਿਆ ਕਿ ਸਾਡੀ ਫੈਡਰਲ ਲਿਬਰਲ ਸਰਕਾਰ ਵੱਲੋਂ ਮੁਹੱਈਆ ਕਰਵਾਏ ਜਾਣ ਵਾਲੇ ਇਨ੍ਹਾਂ ਫੰਡਾਂ ਨਾਲ ਇਸਲਾਮਾਬਾਦ, ਨਵੀਂ ਦਿੱਲੀ, ਚੰਡੀਗੜ੍ਹ ਤੇ ਮਾਲਟਾ ਵਿੱਚ ਵੀਜ਼ਾ ਐਪਲੀਕੇਸ਼ਨ ਪ੍ਰੋਸੈਸਿੰਗ ਟਾਈਮ ਹੋਰ ਘਟਾਏ ਜਾਣ ਵਿੱਚ ਮਦਦ ਮਿਲੇਗੀ। ਇਨ੍ਹਾਂ ਫੰਡਾਂ ਨਾਲ ਦੇਸ਼ ਤੇ ਵਿਦੇਸ਼ ਵਿੱਚ ਵੀਜ਼ਾ ਅਰਜ਼ੀਆਂ (ਆਰਜ਼ੀ ਵੀਜ਼ਾ, ਸਟਡੀ ਪਰਮਿਟ ਤੇ ਵਰਕ ਪਰਮਿਟ) ਦੀ ਵੱਡੀ ਤਾਦਾਦ ਨਾਲ ਨਜਿੱਠਣ ਵਿੱਚ ਵੀ ਮਦਦ ਮਿਲੇਗੀ ਤੇ ਇਨ੍ਹਾਂ ਅਰਜ਼ੀਆਂ ਦੇ ਪ੍ਰੋਸੈਸਿੰਗ ਟਾਈਮ ਵਿੱਚ ਵੀ ਸੁਧਾਰ ਹੋਵੇਗਾ। ਇਸ ਤੋਂ ਇਲਾਵਾ ਲੋਕਾਂ ਦਾ ਆਪਸੀ ਤਾਲਮੇਲ ਵੀ ਵਧੇਗਾ। ਸਾਡੀ ਸਰਕਾਰ ਇੰਟਰਨੈਸ਼ਨਲ ਸਟੂਡੈਂਟ ਪ੍ਰੋਗਰਾਮ ਰਾਹੀਂ ਰਕਰੂਟਮੈਂਟ ਕਰਨਾ ਜਾਰੀ ਰੱਖੇਗੀ ਤੇ ਇਹ ਯਕੀਨੀ ਬਣਾਵੇਗੀ ਕਿ ਕੈਨੇਡਾ ਦਾਖਲੇ ਸਬੰਧੀ ਆਪਣੇ ਟੀਚੇ ਪੂਰੇ ਕਰ ਸਕੇ।

ਇਸ ਦੇ ਨਾਲ ਹੀ ਸਰਕਾਰ 244·6 ਮਿਲੀਅਨ ਡਾਲਰ ਨਿਵੇਸ਼ ਕਰਕੇ ਟਰੇਡ, ਨਿਵੇਸ਼ ਤੇ ਸਪਲਾਈ-ਚੇਨ ਵਿੱਚ ਲਚੀਲੇਪਣ ਨੂੰ ਬਰਕਰਾਰ ਰੱਖਣ ਲਈ ਹਰ ਹੀਲਾ ਅਪਨਾਉਣਾ ਚਾਹੁੰਦੀ ਹੈ। ... ਬਾਕੀ ਸਫਾ 2 'ਤੇ

## 2023 ਦੇ ਬਜਟ ਲਈ ਰੈਜ਼ੀਡੈਂਟਸ ਤੇ ਕਾਰੋਬਾਰੀਆਂ ਦੀ ਫੀਡਬੈਕ ਹਾਸਲ ਕਰਨ ਦੀ ਕੀਤੀ ਜਾ ਰਹੀ ਹੈ ਤਿਆਰੀ

ਕੇਲਡਨ, 6 ਦਸੰਬਰ (ਪੋਸਟ ਬਿਊਰੋ) : ਟਾਊਨ ਆਫ ਕੇਲਡਨ ਵੱਲੋਂ 2023 ਦੇ ਬਜਟ ਨੂੰ ਸਫਲ ਬਣਾਉਣ ਦੀ ਤਿਆਰੀ ਕੀਤੀ ਜਾ ਰਹੀ ਹੈ। ਇਸ ਲਈ ਸਥਾਨਕ ਰੈਜ਼ੀਡੈਂਟਸ ਤੇ ਕਾਰੋਬਾਰੀਆਂ ਦੀ ਫੀਡਬੈਕ ਹਾਸਲ ਕਰਨ ਵਾਸਤੇ ਇੱਕ ਬਜਟ ਸਰਵੇਖਣ ਕਰਵਾਇਆ ਜਾ ਰਿਹਾ ਹੈ।



ਮੇਅਰ ਐਨੇਟ ਗ੍ਰੋਵਜ਼ ਨੇ ਆਖਿਆ ਕਿ ਅਸੀਂ ਕੇਲਡਨ ਨੂੰ ਖੁਸ਼ਹਾਲ ਬਣਾਉਣ ਲਈ ਹਰ ਸੰਭਵ ਕੋਸ਼ਿਸ਼ ਕਰ ਰਹੇ ਹਾਂ ਤੇ ਅਸੀਂ ਇਹ ਵੀ ਜਾਣਦੇ ਹਾਂ ਕਿ ਨਵੇਂ ਕਾਨੂੰਨ ਤੇ ਚੀਜ਼ਾਂ ਦੀਆਂ ਵਧ ਰਹੀਆਂ ਲਾਗਤਾਂ ਕਾਰਨ ਵਿਕਾਸ ਦੇ ਰਾਹ ਵਿੱਚ ਕਈ ਚੁਣੌਤੀਆਂ ਮੂੰਹ ਅੱਡੀ ਖੜ੍ਹੀਆਂ ਹਨ। ਉਨਾਂ ਰੈਜ਼ੀਡੈਂਟਸ ਤੇ ਕਾਰੋਬਾਰੀਆਂ ਨੂੰ ਇਸ ਬਜਟ ਸਰਵੇਖਣ ਵਿੱਚ ਹਿੱਸਾ ਲੈਣ ਦਾ ਸੱਦਾ ਦਿੱਤਾ ਤਾਂ ਕਿ 2023 ਦਾ ਬਜਟ ਤਿਆਰ ਕਰਨ ਵਿੱਚ ਮਦਦ ਮਿਲ ਸਕੇ। ਮੇਅਰ ਨੇ ਅੱਗੇ ਆਖਿਆ ਕਿ ਇਸ ਜਾਣਕਾਰੀ ਨਾਲ ਕਮਿਊਨਿਟੀ ਦੀਆਂ ਤਰਜੀਹਾਂ ਨੂੰ ਬਿਹਤਰ ਢੰਗ ਨਾਲ ਸਮਝਣ ਵਿੱਚ ਮਦਦ ਮਿਲੇਗੀ ਤੇ ਫੈਸਲੇ ਲੈਣ ਵਿੱਚ ਆਸਾਨੀ ਹੋਵੇਗੀ।

ਇਹ ਸਰਵੇਖਣ 3 ਜਨਵਰੀ, 2023 ਤੱਕ ਖੁੱਲ੍ਹਾ ਰਹੇਗਾ। 2023 ਦੇ ਬਜਟ ਬਾਰੇ ਜਾਣਕਾਰੀ ਅਵਏੈਂਰਂਐਛਅਲਏਦਟੋਨ।ਚਅ ਉੱਤੇ ਹਾਸਲ ਕੀਤੀ ਜਾ ਸਕਦੀ ਹੈ। ਇਸ ਦੌਰਾਨ ਡਾਇਰੈਕਟਰ, ਫਾਇਨਾਂਸ ਐਂਡ ਚੀਫ ਫਾਇਨਾਂਸ਼ੀਅਲ ਆਫੀਸਰ ਮਿਊਰਨ ਪਾਲਾਸੈਂਡਰੀਅਨ ਨੇ ਆਖਿਆ ਕਿ ਟਾਊਨ ਦੇ ਬਜਟ ਨਾਲ ਹੀ ਇਹ ਤੈਅ ਹੋਵੇਗਾ ਕਿ ਅਸੀਂ ਕਿਹੋ ਜਿਹੀਆਂ ਸੇਵਾਵਾਂ ਮੁਹੱਈਆ ਕਰਾਵਾਂਗੇ ਤੇ ਅਸੀਂ ਇਨ੍ਹਾਂ ਮੰਗਾਂ ਨੂੰ ਪੂਰਾ ਕਿਵੇਂ ਕਰਾਂਗੇ।

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat Broker
Aaxel InsuranceBrokers Ltd. | 1332 Khalsa Dr, Unit # 11, Mississauga, ON L5S 0A2

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
416-724-5000

GURBIR CHAHAL
416.566.7605
gurbir.chahal@yahoo.com
ROYAL LePAGE Flower City Realty

NOW HIRING !!!
ALLKIND INSURANCE
Life Insurance
Critical illness Ins
Travel & Visitor Ins
RESP & TFSA & RRSP
Super Visa Insurance
Mortgage Insurance
Disability Insurance
Funeral Insurance
SIMRAN SAINI
416.994.7272
www.allkindinsurance.com

HOME APPLIANCES STORE
ANNIVERSARY SPECIAL DEAL
PRICE $5199* NO TAX
UPGARDE LAUNDRY IN JUST $99*
KitchenAid MAYTAG LG SAMSUNG Electrolux JENNAIR BOSCH Whirlpool
416-551-5553
WWW.OURRHOMEAPPLIANCES.COM

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

INSURANCE
Home
Business
Life Insurance
Auto
Trucking
Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6 Brampton, ON, L6P 3W4
Aman Sharma
Open Saturday
Providing excellent quality legal services to our clients

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ
ਪਾ ਕੇ ਆਪਣਾ ਕਰੈਡਿਟ ਦੁਬਾਰਾ ਬਣਾਉਣ ਲਈ
ਹੁਣੇ ਹੀ ਕਾਲ ਕਰੋ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types
Walkie pallet Low Lift
Electric Motor Narrow Aisle Reach
Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

KELLEY LAW OFFICE
Immigration
Family Law
Corporate
Power of Attorney/Affidavit /Attestations
Real Estate
Business Closing
Wills & Estate
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial Inc.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

Royal Pest Control
Residential Commercial Industrial
Specialist in Bedbugs Service
All Pest Control
Mouse & Rats
Cockroaches
Spiders & Fleas
Carpenter Ants
Bedbugs
Silver Fish
Wasps
Racoons
Call : PARESH PATEL
416 938 4598

MANN LAW FIRM
Real Estate Law
Wills & Estates
Power of Attorney
Affidavits Notarization / Declaration
Business Law
Family Law
Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਮੁੱਕਿਆ ਚੱਕਰ ਗੁਜਰਾਤ ਦੀ ਚੋਣ ਵਾਲਾ,
ਦਿੱਲੀ ਚੋਣ ਦਾ ਚੱਕਰ ਗਿਆ ਮੁੱਕ ਬੇਲੀ।
ਹਿਮਾਚਲ ਵਿੱਚ ਵੀ ਹੋਈ ਸੀ ਚੋਣ ਜਿਹੜੀ,
ਰਹੀਆਂ ਧਿਰਾਂ ਰਿਵਾਇਤੀ ਆ ਬੁੱਕ ਬੇਲੀ।
ਭਾਜਪਾ, ਆਪ ਜਾਂ ਬੋਲਣ ਤਾਂ ਕਾਂਗਰਸੀਏ,
ਕਹਿ ਰਹੇ ਫੱਟੇ ਹੀ ਦਿੱਤੇ ਹਨ ਚੁੱਕ ਬੇਲੀ।
ਕੋਈ ਨਹੀਂ ਜਾਣਦਾ ਵੋਟਰਫਿਰ ਕੀ ਕੀਤਾ,
ਕਿਸ ਦਾ ਦਿੱਤਾ ਗਿਆ ਬੰਨ੍ਹ ਹੈ ਠੁੱਕ ਬੇਲੀ।
ਰਹਿੰਦੇ ਗਿਣਤੀਆਂ ਦੇ ਦੋਹਨ ਦਿਨ ਬਾਕੀ,
ਮੁਸ਼ਕਲ ਬਾਹਲੀ ਹੈ ਕਰਨ ਉਡੀਕ ਬੇਲੀ।
ਭੁਲਾ ਕੇ ਵੋਟਰ ਤੇ ਹਵਨ ਹਨ ਕਰਨ ਲੱਗੇ,
ਸੂਲੀ ਨਾਲ ਲਟਕਦੇ ਜਿਹੜੇ ਸ਼ਰੀਕ ਬੇਲੀ।

**ਤੀਸ ਮਾਰ ਖਾਂ**

# ਬੋਗੋਟਾ ਵਿਚ ਜਮੀਨ ਖਿਸਕਣ ਕਾਰਣ ਦਬੀ ਬੱਸ, 33 ਲੋਕਾਂ ਦੀ ਮੌਤ, 4 ਜਖਮੀ

ਬੋਗੋਟਾ, 6 ਦਸੰਬਰ (ਪੋਸਟ ਬਿਊਰੋ) – ਦੱਖਣੀ ਅਮਰੀਕੀ ਦੇਸ ਕੋਲੰਬੀਆ ਵਿਚ ਭਾਰੀ ਮੀਂਹ ਤੋਂ ਬਾਅਦ ਇਕ ਹਾਈਵੇਅ ਉੱਤੇ ਵਾਹਨ ਉਤੇ ਢਿੱਗਾਂ ਡਿੱਗ ਗਈਆਂ। ਕੋਲੰਬੀਆ ਦੇ ਗ੍ਰਹਿ ਮੰਤਰੀ ਅਲਫੋਂਸੋ ਪ੍ਰਦਾ ਨੇ ਕਿਹਾ ਕਿ ਹਫਤੇ ਦੇ ਅੰਤ ਵਿਚ ਕੋਲੰਬੀਆ ਵਿਚ ਹਾਈਵੇਅ ‘ਤੇ ਵਾਹਨ ਦੇ ਦਬ ਜਾਣ ਕਾਰਣ ਮਰਨ ਵਾਲਿਆਂ ਦੀ ਗਿਣਤੀ 33 ਹੋ ਗਈ ਹੈ। ਐਤਵਾਰ ਦੇ ਜਮੀਨ ਖਿਸਕਣ ਨੇ ਪੱਛਮੀ ਵੈਲੇ ਡੇਲ ਕਾਕਾ ਵਿਭਾਗ ਵਿਚ ਕੈਲੀ ਤੋਂ ਯਾਤਰੀਆਂ ਨੂੰ ਲੈ ਕੇ ਜਾ ਰਹੀ ਇੱਕ ਬੱਸ, ਪੱਛਮੀ-ਕੇਂਦਰੀ ਵਿਭਾਗ ਵਿੱਚ ਪਰੇਰਾ-ਕੁਇਬਡੋ ਹਾਈਵੇਅ, ਪੱਛਮੀ ਚੋਕੋ ਵਿਭਾਗ ਵਿੱਚ ਕੋਂਡੋਟੋ ਵਿੱਚ ਇੱਕ ਕਾਰ ਅਤੇ ਇਕ ਮੋਟਰਸਾਈਕਲ ਨੂੰ ਦੱਬ ਦਿੱਤਾ। ਪ੍ਰਦਾ ਨੇ ਸੋਮਵਾਰ ਨੂੰ ਕਿਹਾ, “ਅਸੀਂ ਤਿੰਨ ਨਾਬਾਲਗਾਂ ਸਮੇਤ 33 ਮ੍ਰਿਤਕਾਂ ਦੀ ਪਛਾਣ ਕੀਤੀ ਹੈ। ਅਸੀਂ ਨੌਂ ਲੋਕਾਂ ਨੂੰ ਜਿੰਦਾ ਬਚਾਇਆ ਹੈ, ਜਿਨ੍ਹਾਂ ਵਿੱਚੋਂ ਚਾਰ ਦੀ ਹਾਲਤ ਨਾਜ਼ੁਕ ਹੈ।





ਉਨ੍ਹਾਂ ਕਿਹਾ ਕਿ ਕੋਲੰਬੀਆ ਦੀ ਰਿਸਕ ਮੈਨੇਜਮੈਂਟ ਯੂਨਿਟ ਅਤੇ ਟਰਾਂਸਪੋਰਟ ਮੰਤਰਾਲੇ ਦੇ ਡਾਇਰੈਕਟੋਰੇਟ ਆਫ ਟਰਾਂਜਿਟ ਐਂਡ ਟਰਾਂਸਪੋਰਟੇਸਨ ਦੇ ਨਾਲ-ਨਾਲ ਪੁਲਸ ਵਿਭਾਗ ਅਤੇ ਫੌਜ ਦੇ ਕਰਮਚਾਰੀ ਬਚਾਅ ਲਈ ਪਹੁੰਚੇ।

ਪ੍ਰਦਾ ਨੇ ਕਿਹਾ ਕਿ ਜਮੀਨ ਖਿਸਕਣ ਦੇ ਮੱਦੇਨਜਰ, ਅਧਿਕਾਰੀਆਂ ਨੇ ਠੰਡ ਦੀ ਲਹਿਰ ਦੇ ਵਿਚਕਾਰ ਮੌਸਮ ਨਾਲ ਸਬੰਧਤ ਆਫਤਾਂ ਲਈ ਤਿਆਰ ਕਰਨ ਲਈ ਦੇਸ ਭਰ ਵਿੱਚ ਵੱਧ ਤੋਂ ਵੱਧ ਅਲਰਟ ਘੋਸ਼ਿਤ ਕਰਨ ਦੀ ਯੋਜਨਾ ਬਣਾਈ ਹੈ, ਜੋ ਕਿ ਕਈ ਮਹੀਨਿਆਂ ਤੱਕ ਜਾਰੀ ਰਹਿਣ ਦੀ ਉਮੀਦ ਹੈ।

ਉਨ੍ਹਾਂ ਨੇ ਕਿਹਾ ਕਿ ਕੋਲੰਬੀਆ ਦੇ ਰਾਸ਼ਟਰਪਤੀ ਗੁਸਤਾਵੋ ਪੈਟਰੋ ਨੇ ਮੰਗਲਵਾਰ ਤੱਕ ਰਾਜਧਾਨੀ ਬੋਗੋਟਾ ਵਿਚ ਇੱਕ ਰਾਸਟਰੀ ਯੂਨੀਫਾਈਡ ਕਮਾਂਡ ਪੋਸਟ ਸਥਾਪਤ ਕਰਨ ਦੇ ਆਦੇਸ ਦਿੱਤੇ ਹਨ ਤਾਂ ਜੋ ਪ੍ਰਤੀਕੂਲ ਮੌਸਮ ਵਿਚ ਸੜਕਾਂ ਦੀ ਸਥਿਤੀ ਦਾ ਪਤਾ ਲਗਾਇਆ ਜਾ ਸਕੇ।

ਕੋਲੰਬੀਆ ਆਪਣੇ ਪਹਾੜੀ ਖੇਤਰ ਕਾਰਨ ਜਮੀਨ ਖਿਸਕਣ ਦਾ ਖਤਰਾ ਹੈ। ਨਾਲ ਹੀ, ਭਾਰੀ ਮੀਂਹ ਅਤੇ ਗੈਰ-ਰਸਮੀ ਉਸਾਰੀਆਂ ਵੀ ਇਸ ਖਤਰੇ ਨੂੰ ਵਧਾਉਂਦੀਆਂ ਹਨ। ਕੋਲੰਬੀਆ ਦੀ ਵਾਤਾਵਰਣ ਮੰਤਰੀ ਸੁਸਾਨਾ ਮੁਹੰਮਦ ਨੇ ਟਵਿੱਟਰ ’ਤੇ ਸਾਂਝੇ ਕੀਤੇ ਸੰਦੇਸ਼ ਵਿਚ ਕਿਹਾ ਕਿ ਦੇਸ਼ ਭਵਿੱਖ ਵਿਚ ਜ਼ਮੀਨ ਖਿਸਕਣ ਨਾਲ ਸਬੰਧਤ ਹੋਰ ਦੁਰਘਟਨਾਵਾਂ ਤੋਂ ਬਚਣ ਲਈ ਰੁੱਖਾਂ ਨੂੰ ਬਦਲਣ ‘ਤੇ ਧਿਆਨ ਕੇਂਦਰਿਤ ਕਰੇਗਾ।

## ਅਰਥਚਾਰੇ ਦੇ ਵਿਕਾਸ ਤੇ ਵੀਜ਼ਾ ਪ੍ਰੋਸੈਸਿੰਗ ਸਮਰੱਥਾ ਨੂੰ ਵਧਾਉਣ ਵਿੱਚ ਮਦਦ ਕਰੇਗੀ ਸਰਕਾਰ ਦੀ ਇੰਡੋ-ਪੈਸੇਫਿਕ ਰਣਨੀਤੀ : ਸਹੋਤਾ



ਸਫਾ 1 ਦਾ ਬਾਕੀ

ਪਰ ਇਹ ਨਿਵੇਸ਼ ਇੱਥੋਂ ਤੱਕ ਹੀ ਸੀਮਤ ਨਹੀਂ ਰਹੇਗਾ :

· ਸਾਊਥਈਸਟ ਏਸ਼ੀਆ ਵਿੱਚ ਕੈਨੇਡੀਅਨ ਟਰੇਡ ਗੇਟਵੇਅ ਕਾਇਮ ਕਰਨ ਲਈ ਸਰਕਾਰ 24·1 ਮਿਲੀਅਨ ਡਾਲਰ ਨਿਵੇਸ਼ ਕਰੇਗੀ ਤਾਂ ਕਿ ਇਸ ਰੀਜਨ ਵਿੱਚ ਕੈਨੇਡਾ ਦਾ ਕਾਰੋਬਾਰ, ਨਿਵੇਸ਼ ਤੇ ਨੈੱਟਵਰਕ ਵੱਧ ਫੁੱਲ ਸਕੇ।

· ਇੰਡੋ ਪੈਸੇਫਿਕ ਰੀਜਨ ਵਿੱਚ ਖੇਤੀਬਾੜੀ ਤੇ ਐਗਰੀ ਫੂਡ ਦੇ ਐਕਸਪੋਰਟ ਵਿੱਚ ਵਾਧਾ ਕਰਨ ਤੇ ਇਸ ਵਿੱਚ ਵੰਨ ਸੁਵੰਨਤਾ ਲਿਆਉਣ ਲਈ ਸਰਕਾਰ ਰੀਜਨ ਵਿੱਚ ਕੈਨੇਡਾ ਦਾ ਪਹਿਲਾ ਐਗਰੀਕਲਚਰ ਆਫਿਸ ਕਾਇਮ ਕਰਨ ਲਈ 31·8 ਮਿਲੀਅਨ ਡਾਲਰ ਨਿਵੇਸ਼ ਕਰੇਗੀ।

· ਵਪਾਰ, ਨਿਵੇਸ਼, ਸਾਇੰਸ, ਤਕਨਾਲੋਜੀ ਤੇ ਇਨੋਵੇਸ਼ਨ ਵਿੱਚ ਇੰਡੋ-ਪੈਸੇਫਿਕ ਭਾਈਵਾਲਾਂ ਨਾਲ ਕੁਦਰਤੀ ਸਰੋਤਾਂ ਸਬੰਧੀ ਸਬੰਧਾਂ ਦੇ ਪਸਾਰ ਲਈ ਸਰਕਾਰ 13·5 ਮਿਲੀਅਨ ਡਾਲਰ ਨਿਵੇਸ਼ ਕਰੇਗੀ। ਇਸ ਤੋਂ ਇਲਾਵਾ ਗ੍ਰੀਨ ਫਿਊਚਰ ਨੂੰ ਸਹੇਜ ਕੇ ਰੱਖਣ ਲਈ ਫੈਡਰਲ ਸਰਕਾਰ ਵੱਲੋਂ 913·3 ਮਿਲੀਅਨ ਡਾਲਰ ਖਰਚ ਕਰਨ ਦਾ ਤਹੱਈਆ ਪ੍ਰਗਟਾਇਆ ਗਿਆ ਹੈ। ਇਸ ਤਹਿਤ ਸਰਕਾਰ ਹੇਠ ਲਿਖੇ ਕੰਮਾਂ ਨੂੰ ਅੰਜਾਮ ਦੇਵੇਗੀ :

· ਇੰਡੋ ਪੈਸੇਫਿਕ ਰੀਜਨ ਵਿੱਚ ਮਿਆਰੀ ਇਨਫਰਾਸਟ੍ਰਕਚਰ ਲਈ ਮਦਦ ਵਾਸਤੇ ਫਿਨਡੇਵ ਕੈਨੇਡਾ ਦੀ ਸਮਰੱਥਾ ਦੇ ਪਸਾਰ ਲਈ ਸਰਕਾਰ 750 ਮਿਲੀਅਨ ਡਾਲਰ ਦਾ ਨਿਵੇਸ਼ ਕਰੇਗੀ ਤੇ ਆਪਣੀਆਂ ਤਰਜੀਹੀ ਮਾਰਕਿਟਾਂ ਵਿੱਚ ਕੰਮ ਤੇਜ਼ ਕਰੇਗੀ।

· ਇੰਡ’ ਪੈਸੇਫਿਕ ਰੀਜਨ ਵਿੱਚ ਸਿਹਤਮੰਦ ਮਰੀਨ ਮਾਹ’’ਲ ਮੁੜ ਸਹੇਜਣ ਲਈ ਸਰਕਾਰ 84·3 ਮਿਲੀਅਨ ਡਾਲਰ ਖਰਚ ਕਰੇਗੀ। ਇਸ ਲਈ ਗੈਰਕਾਨੂੰਨੀ, ਬਿਨਾਂ ਰਿਪਰਟ ਕੀਤਿਆਂ ਤੇ ਗੈਰ ਨਿਯੰਤਰਿਤ (ਆਈਯੂਯੂ) ਫਿਸਿੰਗ ਖਿਲਾਫ ਸਖਤ ਮਾਪਦੰਡ ਅਪਨਾਏ ਜਾਣਗੇ।

## ਮਹਾਰਾਸ਼ਟਰ-ਕਰਨਾਟਕ ਸਰਹੱਦੀ ਵਿਵਾਦ ਹੋਇਆ ਡੂੰਘਾ, ਟਰੱਕਾਂ ਨੂੰ ਬਣਾਇਆ ਨਿਸਾਨਾ, ਮੰਤਰੀਆਂ ਨੇ ਰੱਦ ਕੀਤਾ ਦੌਰਾ



ਬੇਲਾਗਾਵੀ (ਕਰਨਾਟਕ), 6 ਦਸੰਬਰ (ਪੋਸਟ ਬਿਊਰੋ) – ਕਰਨਾਟਕ ਅਤੇ ਮਹਾਰਾਸ਼ਟਰ ਵਿਚਾਲੇ ਸਰਹੱਦੀ ਵਿਵਾਦ ਹਿੰਸਕ ਰੂਪ ਲੈ ਰਿਹਾ ਹੈ। ਬੇਲਾਗਾਵੀ ਵਿਚ ਕਰਨਾਟਕ ਰਕਸਨਾ ਵੇਦੀਕੇ ਨਾਮਕ ਇੱਕ ਸੰਗਠਨ ਦੇ ਵਿਰੋਧ ਤੋਂ ਬਾਅਦ ਮਹਾਰਾਸਟਰ ਦੀ ਨੰਬਰ ਪਲੇਟ ਵਾਲੇ ਟਰੱਕਾਂ ਨੂੰ ਰੋਕਿਆ ਗਿਆ ਅਤੇ ਉਨ੍ਹਾਂ ’ਤੇ ਕਾਲੀ ਸਿਆਹੀ ਲਗਾ ਦਿੱਤੀ ਗਈ। ਇਕ ਟਰੱਕ ‘ਤੇ ਵੀ ਪਥਰਾਅ ਕੀਤਾ ਗਿਆ।

ਬੇਲਾਗਾਵੀ ਸ਼ਹਿਰ ਇਸ ਵਿਵਾਦ ਦੇ ਕੇਂਦਰ ਵਿਚ ਹੈ। ਮਹਾਰਾਸਟਰ ਲਗਾਤਾਰ ਦਾਅਵਾ ਕਰਦਾ ਰਿਹਾ ਹੈ ਕਿ 1960 ਦੇ ਦਹਾਕੇ ਵਿਚ ਰਾਜਾਂ ਦੇ ਭਾਸ਼ਾ-ਅਧਾਰਿਤ ਪੁਨਰਗਠਨ ਵਿਚ ਇਹ ਮਰਾਠੀ ਬਹੁਗਿਣਤੀ ਖੇਤਰ ਗਲਤ ਢੰਗ ਨਾਲ ਕੰਨੜ ਬਹੁਗਿਣਤੀ ਵਾਲੇ ਕਰਨਾਟਕ ਨੂੰ ਦਿੱਤਾ ਗਿਆ ਸੀ।

ਕਰਨਾਟਕ ਨੇ ਹਾਲ ਹੀ ਵਿਚ ਮਹਾਰਾਸ਼ਟਰ ਦੇ ਕੁਝ ਪਿੰਡਾਂ ’ਤੇ ਆਪਣਾ ਦਾਅਵਾ ਮੁੜ ਸ਼ੁਰੂ ਕੀਤਾ ਹੈ, ਜਿਸ ਨਾਲ ਇਕ ਨਵਾਂ ਦੌਰ ਸੁਰੂ ਹੋ ਗਿਆ ਹੈ, ਭਾਵੇਂ ਕਿ ਭਾਜਪਾ ਦੋਵਾਂ ਰਾਜਾਂ ਵਿਚ ਸੱਤਾ ਵਿੱਚ ਇਕਲੌਤੀ ਪਾਰਟੀ ਹੈ।

ਅੱਜ ਵਿਰੋਧ ਪ੍ਰਦਰਸ਼ਨਾਂ ਦੌਰਾਨ ਇਕ ਟਰੱਕ ਦੀ ਵਿੰਡਸ਼ੀਲਡ ਨੂੰ ਨੁਕਸਾਨ ਪਹੁੰਚਿਆ, ਕਿਉਂਕਿ ਵੱਡੀ ਗਿਣਤੀ ਵਿਚ ਪ੍ਰਦਰਸ਼ਨਕਾਰੀਆਂ ਨੇ ਰਵਾਇਤੀ ਕੰਨੜ/ਕਰਨਾਟਕ ਝੰਡੇ ਲੈ ਕੇ ਆਵਾਜਾਈ ਨੂੰ ਰੋਕ ਦਿੱਤਾ। ਸਥਿਤੀ ਨੂੰ ਸ਼ਾਂਤ ਕਰਨ ਲਈ ਪੁਲਸ ਤਾਇਨਾਤ ਕੀਤੀ ਗਈ ਪਰ ਪ੍ਰਦਰਸ਼ਨਕਾਰੀ ਪੁਲਸ ਨਾਲ ਧੱਕਾ-ਮੁੱਕੀ ਕਰਦੇ ਰਹੇ ਅਤੇ ਸੜਕ ’ਤੇ ਹੀ ਲੇਟ ਗਏ।

ਇਸ ਵਿਰੋਧ ਕਾਰਣ ਮਹਾਰਾਸ਼ਟਰ ਦੇ ਦੋ ਮੰਤਰੀਆਂ ਚੰਦਰਕਾਂਤ ਪਾਟਿਲ ਅਤੇ ਸ਼ੰਭੂਰਾਜ ਦੇਸਾਈ ਨੇ ਬੇਲਾਗਾਵੀ ਦਾ ਆਪਣਾ ਨਿਰਧਾਰਿਤ ਦੌਰਾ ਮੁਲਤਵੀ ਕਰ ਦਿੱਤਾ। ਸੋਮਵਾਰ ਨੂੰ ਕਰਨਾਟਕ ਦੇ ਮੁੱਖ ਮੰਤਰੀ ਬਸਵਰਾਜ ਬੋਮਈ ਨੇ ਕਿਹਾ ਸੀ ਕਿ ਯਾਤਰਾ ਕਾਨੂੰਨ ਵਿਵਸਥਾ ਨੂੰ ਚੁਣੌਤੀ ਦੇ ਸਕਦੀ ਹੈ। ਮਹਾਰਾਸ਼ਟਰ ਨੇ ਪਾਟਿਲ ਅਤੇ ਦੇਸਾਈ ਨੂੰ ਤਾਲਮੇਲ ਮੰਤਰੀ ਨਿਯੁਕਤ ਕੀਤਾ ਹੈ, ਕਿਉਂਕਿ ਵਿਵਾਦ ਮੁੜ ਸੁਪਰੀਮ ਕੋਰਟ ਵਿਚ ਹੈ।

## ਇਮਰਾਨ ਖਾਨ ਨੇ ਬਾਜਵਾ ’ਤੇ ਆਪਣੀ ਸਰਕਾਰ ਖਿਲਾਫ਼ ਸਾਜਿਸ਼ ਰਚਣ ਦਾ ਲਗਾਇਆ ਦੋਸ਼

ਇਸਲਾਮਾਬਾਦ, 6 ਦਸੰਬਰ (ਪੋਸਟ ਬਿਊਰੋ)- ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਨੇ ਸਾਬਕਾ ਫੌਜ ਮੁਖੀ ਜਨਰਲ (ਸੇਵਾ-ਮੁਕਤ) ਕਮਰ ਜਾਵੇਦ ਬਾਜਵਾ ’ਤੇ ਉਨ੍ਹਾਂ ਦੀ ਸਰਕਾਰ ਖਿਲਾਫ਼ ‘ਦੋਹਰੀ ਖੇਡ’ ਖੇਡਣ ਦਾ ਦੋਸ਼ ਲਾਇਆ ਹੈ ਅਤੇ ਕਿਹਾ ਹੈ ਕਿ ਉਨ੍ਹਾਂ ਨੇ 2019 ਵਿਚ ਤਤਕਾਲੀ ਫੌਜ ਮੁਖੀ ਦਾ ਕਾਰ-ਜਕਾਲ ਵਧਾ ਕੇ ‘ਵੱਡੀ ਗਲਤੀ’ ਕੀਤੀ ਹੈ।

ਖਾਨ, ਜੋ ਪਾਕਿਸਤਾਨ ਤਹਿਰੀਕ-ਏ-ਇਨਸਾਫ (ਪੀ.ਟੀ.ਆਈ.) ਦੇ ਚੇਅਰਮੈਨ ਹਨ, ਨੇ ਇਕ ਸਥਾਨਕ ਟੀ.ਵੀ. ਚੈਨਲ ਨੂੰ ਦਿੱਤੇ ਇੰਟਰਵਿਊ ਵਿਚ ਇਹ ਟਿੱਪਣੀਆਂ ਕੀਤੀਆਂ। ਉਨ੍ਹਾਂ ਤਤਕਾਲੀ ਫੌਜ ਮੁਖੀ ਬਾਜਵਾ ’ਤੇ ਭਰੋਸਾ ਕਰਨ ’ਤੇ ਵੀ ਅਫਸੋਸ ਪ੍ਰਗਟ ਕੀਤਾ। ਖਾਨ (70) ਨੂੰ ਇਸ ਸਾਲ ਅਪ੍ਰੈਲ ਵਿਚ ਬੇਭਰੋਸਗੀ ਮਤੇ ਰਾਹੀਂ ਸੱਤਾ ਤੋਂ ਬਾਹਰ ਕਰ ਦਿੱਤਾ ਗਿਆ ਸੀ। ਉਨ੍ਹਾਂ ਕਿਹਾ, “ਮੈਨੂੰ ਯਕੀਨ ਸੀ ਕਿ ਜਨਰਲ ਬਾਜਵਾ ਮੈਨੂੰ ਸਭ ਕੁਝ ਦੱਸ ਦੇਣਗੇ, ਕਿਉਂਕਿ ਸਾਡੇ ਹਿੱਤ ਉਹੀ ਸਨ ਕਿ ਅਸੀਂ ਦੇਸ ਨੂੰ ਬਚਾਉਣਾ ਸੀ।“

ਖਾਨ ਨੇ ਇਹ ਵੀ ਦਾਅਵਾ ਕੀਤਾ ਕਿ ਉਸਨੂੰ ਇੰਟੈਲੀਜੈਂਸ ਬਿਊਰੋ ਤੋਂ “ਉਨ੍ਹਾਂ ਦੀ ਸਰਕਾਰ ਵਿਰੁੱਧ ਕਿਹੜੀ ਖੇਡ ਖੇਡੀ ਜਾ ਰਹੀ ਹੈ“ ਦੀਆਂ ਰਿਪੋਰਟਾਂ ਮਿਲੀਆਂ ਹਨ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd. #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ ‘ਨਾਂਹ’, ਅਸੀਂ ਕਰਾਂਗੇ ‘ਹਾਂ’
Increase Your Cash Flow by up to 50%
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

SherGill Law Firm
Barrister, Solicitor & Notary Public
Services:
★ Real Estate
★ Residential, Commercial & Franchise
★ Criminal Law
★ Family Law
★ Affidavit, Power Of Attorney & Notarization
★ Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
How your spouse can join you within 4-6 months
How your parents can join you
How students & skilled people can come to Canada
How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ‘ਗੁਰ ਤੀਰਥ ਸਾਈਕਲ ਯਾਤਰਾ: ਭਾਈ ਧੰਨਾ ਸਿੰਘ ਚਹਿਲ ਪਟਿਆਲਵੀ’ ਪੁਸਤਕ ਪੜਚੋਲ

-ਉਜਾਗਰ ਸਿੰਘ-

ਭਾਈ ਚੇਤਨ ਸਿੰਘ ਸਾਬਕਾ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਵਲੋਂ ਸੰਪਾਦਿਤ ਕੀਤੀ ਪੁਸਤਕ ‘ਗੁਰ ਤੀਰਥ ਸਾਈਕਲ ਯਾਤਰਾ : ਭਾਈ ਧੰਨਾ ਸਿੰਘ ਚਹਿਲ ਪਟਿਆਲਵੀ’ ਇਕ ਅਮੋਲਕ ਖ਼ਜਾਨਾ ਹੈ। ਇਹ ਪੁਸਤਕ ਇਕ ਅਣਥੱਕ ਸਿੱਖ ਇਤਿਹਾਸ ਦੇ ਖੋਜੀ ਵਿਦਿਆਰਥੀ ਭਾਈ ਧੰਨਾ ਸਿੰਘ ਚਹਿਲ ਦੀ ਸਿੱਖ ਸੰਗਤ ਲਈ ਵਿਲੱਖਣ ਦੇਣ ਹੈ। ਭਾਈ ਚੇਤਨ ਸਿੰਘ ਨੇ ਬੇਸ਼ਕੀਮਤੀ ਖ਼ਜਾਨਾ ਲੱਭ ਕੇ ਪੰਜਾਬੀਆਂ ਦੀ ਝੋਲੀ ਵਿੱਚ ਪਾਇਆ ਹੈ। ਸਿੱਖ ਇਤਿਹਾਸ ਦੇ ਵਿਦਵਾਨ ਇਤਿਹਾਸਕਾਰ ਅਨੇਕ ਅਣਗੌਲੇ ਧਾਰਮਿਕ ਗੁਰਮੁੱਖ ਵਿਅਕਤੀਆਂ ਦੀਆਂ ਕੁਰਬਾਨੀਆਂ ਨੂੰ ਅਣਡਿਠ ਕਰਦੇ ਆ ਰਹੇ ਹਨ। ਖਾਸ ਤੌਰ ‘ਤੇ ਵੱਡੇ ਵਿਅਕਤੀਆਂ ਬਾਰੇ ਤਾਂ ਭਾਵੇਂ ਲਿਖਿਆ ਹੋਵੇ ਪਰੰਤੂ ਸੱਚੇ ਗੁਰਸਿੱਖ ਸ਼ਰਧਾਲੂਆਂ ਦੀ ਕਿਸੇ ਨੇ ਬਾਤ ਨਹੀਂ ਪੁੱਛੀ, ਜਿਨ੍ਹਾਂ ਨੇ ਆਪਣੀ ਸਾਰੀ ਉਮਰ ਗੁਰੂ ਦੇ ਲੇਖੇ ਲਾ ਦਿੱਤੀ ਹੋਵੇ। ਉਨ੍ਹਾਂ ਵਿੱਚ ਭਾਈ ਧੰਨਾ ਸਿੰਘ ਚਹਿਲ ਵੀ ਸ਼ਾਮਲ ਹੈ, ਜਿਹੜੇ 1930 ਤੋਂ 1934 ਤੱਕ 4 ਸਾਲ ਲਗਾਤਰ ਸਾਈਕਲ ‘ਤੇ ਸਵਾਰ ਹੋ ਕੇ ਸਿਦਕ ਦਿਲੀ ਨਾਲ ਭੁੱਖਣ ਭਾਣਾ 20,000 ਮੀਲ ਦੀ ਯਾਤਰਾ ਕਰਕੇ ਗੁਰ-ਅਸਥਾਨਾ ਬਾਰੇ ਜਾਣਕਾਰੀ ਇਕੱਠੀ ਕਰਦਾ ਰਿਹਾ। ਗੁਰ-ਅਸਥਾਨਾ ਦੀਆਂ ਤਸਵੀਰਾਂ ਖਿਚ ਕੇ ਸੰਭਾਲਦਾ ਗਿਆ ਤਾਂ ਜੋ ਅਣਗੌਲੇ ਗੁਰ-ਅਸਥਾਨਾ ਦੀ ਪੁਸਤਕ ਪ੍ਰਕਾਸ਼ਤ ਕਰਵਾਈ ਜਾ ਸਕੇ। ਵਾਹਿਗੁਰੂ ਨੂੰ ਕੁਝ ਹੋਰ ਹੀ ਮਨਜ਼ੂਰ ਸੀ, ਜਿਸ ਕਰਕੇ ਉਹ ਇਕ ਅਚਾਨਕ ਹੋਈ ਘਟਨਾ ਨਾਲ ਸਵਰਗ ਸਿਧਾਰ ਗਏ।

ਪਰੰਤੂ ਇਨ੍ਹਾਂ ਚਾਰ ਸਾਲਾਂ ਵਿੱਚ ਜਿਹੜਾ ਕੰਮ ਭਾਈ ਧੰਨਾ ਸਿੰਘ ਨੇ ਕੀਤਾ ਹੈ, ਇਤਨਾ ਕੰਮ ਕੋਈ ਸੰਸਥਾ ਵੀ ਨਹੀਂ ਕਰ ਸਕਦੀ। ਭਾਈ ਧੰਨਾ ਸਿੰਘ ਚਹਿਲ ਲਗਨ ਅਤੇ ਦਿਲਚਸਪੀ ਨਾਲ ਕੰਮ ਕਰਦੇ ਰਹੇ। ਉਨ੍ਹਾਂ ਦੇ ਮਨ ਵਿੱਚ ਗੁਰੂ ਦਾ ਪਿਆਰ ਅਜਿਹਾ ਪੈਦਾ ਹੋਇਆ, ਜਿਸਨੇ ਉਸਨੂੰ ਹਿੰਮਤ, ਦਲੇਰੀ ਅਤੇ ਸਮੱਤ ਬਖ਼ਸ਼ੀ, ਜਿਸ ਕਰਕੇ ਉਹ ਲਗਾਤਾਰ ਅਨੇਕਾਂ ਮੁਸੀਬਤਾਂ ਦੇ ਹੁੰਦਿਆਂ ਵੀ ਗੁਰੂ ਘਰਾਂ ਦੀ ਯਾਤਰਾ ਕਰਦਾ ਰਿਹਾ।

ਉਹ ਮਹਾਰਾਜਾ ਪਟਿਆਲਾ ਦੀ ਵਰਕਸ਼ਾਪ ਵਿੱਚ ਡਰਾਈਵਰ ਸੀ ਪਰੰਤੂ ਨੌਕਰੀ ਤੋਂ ਅਸਤੀਫ਼ਾ ਦੇ ਕੇ ਬੇਸ਼ਕੀਮਤੀ ਜਾਣਕਾਰੀ ਇਕੱਤਰ ਕਰਨ ਵਿੱਚ ਜੁੱਟ ਗਿਆ। ਹਰ ਇਤਿਹਾਸਿਕ ਗੁਰੂ ਘਰ ਬਾਰੇ ਆਪਣੀ ਡਾਇਰੀ ਵਿੱਚ ਲਿਖਦਾ ਰਿਹਾ। 25 ਰੁਪਏ ਲੈ ਕੇ ਪਟਿਆਲਾ ਤੋਂ ਯਾਤਰਾ ਸ਼ੁਰੂ ਕੀਤੀ ਸੀ। ਗੁਰਸਿੱਖਾਂ ਦੀ ਮਦਦ ਨਾਲ ਕੈਮਰਾ ਖ਼ਰੀਦਿਆ ਅਤੇ ਕੁਲ 900 ਰੁਪਏ ਵਿੱਚ ਸਮੁੱਚੇ ਭਾਰਤ ਦੇ 29 ਵਿੱਚੋਂ 20 ਸੂਬਿਆਂ ਦੇ ਗੁਰੂ ਘਰਾਂ ਦੀ ਯਾਤਰਾ ਕੀਤੀ। ਉਸ ਸਮੇਂ ਭਾਰਤ ਦੇ 29 ਸੂਬੇ ਹੀ ਸਨ। ਇਹ ਰਾਸ਼ੀ ਵੀ ਗੁਰੂ ਘਰ ਦੇ ਸ਼ਰਧਾਲੂਆਂ ਨੇ ਹੀ ਉਸ ਨੂੰ ਦਿੱਤੀ ਸੀ। ਕਈ ਵਾਰ ਰਸਤੇ ਵਿੱਚ ਅਸੁਰੱਖਿਅਤ ਥਾਵਾਂ ‘ਤੇ ਭੁੱਖਣ ਭਾਣਾ ਹੀ ਸੌਣਾ ਪੈਂਦਾ ਸੀ।

ਜੰਗਲਾਂ ਵਿੱਚ ਜੰਗਲੀ ਜਾਨਵਰਾਂ ਤੋਂ ਡਰਦਿਆਂ ਦਰਖਤਾਂ ‘ਤੇ ਚੜ੍ਹਕੇ ਰਾਤ ਕੱਟਣੀ ਪੈਂਦੀ, ਕਈ ਵਾਰੀ ਸਰਾਵਾਂ ਵਿੱਚ ਠਹਿਰਨ ਲਈ ਪੈਸੇ ਵੀ ਨਹੀਂ ਹੁੰਦੇ ਸਨ। ਇਕ ਵਾਰ ਨਦੀ ਪਾਰ ਕਰਦਾ ਡੁੱਬਣ ਵੀ ਲੱਗਿਆ ਸੀ। ਸਾਰੀ ਯਾਤਰਾ ਦਾਨੀ ਸੱਜਣਾ ਦੇ ਸਹਿਯੋਗ ਨਾਲ ਮੁਕੰਮਲ ਕੀਤੀ। ਹੈਰਾਨੀ ਦੀ ਗੱਲ ਹੈ, ਉਸਨੇ ਉਸ ਹਰ ਦਾਨੀ ਦਾ ਨਾਂ ਆਪਣੀਆਂ ਡਾਇਰੀਆਂ ਵਿੱਚ ਲਿਖਿਆ ਸੀ, ਜਿਸ ਨੇ ਉਸਦੀ ਮਦਦ ਕੀਤੀ। ਇਨ੍ਹਾਂ 4 ਸਾਲਾਂ ਵਿੱਚ ਉਹ ਟਿਕ ਕੇ ਨਹੀਂ ਬੈਠਿਆ। ਸਾਈਕਲ ਦੀ ਮੁਰੰਮਤ ਦਾ ਸਾਰਾ ਸਾਮਾਨ ਅਤੇ ਬੀਮਾਰੀ ਨਾਲ ਸੰਬੰਧਤ ਦਵਾਈਆਂ ਵੀ ਆਪਣੇ ਨਾਲ ਰੱਖਦਾ ਸੀ। ਉਹ ਵਿਆਹਿਆ ਹੋਇਆ ਨਹੀਂ ਸੀ। ਹਰ ਰੋਜ਼ ਕਿਤਨੇ ਮੀਲ ਸਫਰ ਕੀਤਾ, ਕਿਥੇ ਠਹਿਰੇ ਅਤੇ ਕਿਸਨੂੰ ਮਿਲੇ, ਡਾਇਰੀ ਵਿੱਚ ਲਿਖਦੇ ਸੀ।

ਉਨ੍ਹਾਂ ਦੀ ਇਕ ਹੋਰ ਕਮਾਲ ਦੀ ਗੱਲ ਸੀ ਕਿ ਉਹ ਤੁਲਨਾਤਮਿਕ ਖੋਜ ਕਰਦੇ ਸਨ। ਸੁਣੀ ਸੁਣਾਈ ਗੱਲ ‘ਤੇ ਵਿਸ਼ਵਾਸ਼ ਨਹੀਂ ਕਰਦੇ ਸਨ। ਜੇਕਰ ਕਿਸੇ ਗੁਰੂ ਘਰ ਬਾਰੇ ਜਾਣਕਾਰੀ ‘ਤੇ ਉਸ ਨੂੰ ਸ਼ੱਕ ਹੁੰਦਾ ਤਾਂ ਉਹ ਇਤਿਹਾਸ ਦੀਆਂ ਪੁਸਤਕਾਂ ਪੜ੍ਹਕੇ, ਉਨ੍ਹਾਂ ਤੋਂ ਕਨਫਰਮ ਕਰਦੇ ਸਨ। ਉਸਨੇ 3259 ਪੰਨਿਆਂ ਦੀਆਂ 8 ਡਾਇਰੀਆਂ ਲਿਖੀਆਂ। ਜਦੋਂ ਕੋਈ ਯਾਤਰਾ ਪੂਰੀ ਕਰਕੇ ਆਉਂਦਾ ਸੀ ਤਾਂ ਉਹ ਡਾਇਰੀ ਅਤੇ ਤਸਵੀਰਾਂ ਦੇ ਪ੍ਰਿੰਟ ਕਢਵਾ ਕੇ ਭਾਈ ਗੁਰਬਖ਼ਸ਼ ਸਿੰਘ ਦੇ ਘਰ ਪਟਿਆਲਾ ਰੱਖ ਜਾਂਦਾ ਸੀ। ਪਹਿਲੀ ਯਾਤਰਾ ਦੀ ਡਾਇਰੀ 11 ਮਾਰਚ 1930 ਤੋਂ 4 ਜੂਨ 1931 ਦੌਰਾਨ , ਦੂਜੀ 5 ਜੂਨ ਤੋਂ 10 ਸਤੰਬਰ ਤੱਕ, ਤੀਜੀ 11 ਸਤੰਬਰ ਤੋਂ 6 ਨਵੰਬਰ, ਚੌਥੀ 7 ਨਵੰਬਰ 1931 ਤੋਂ ਮਾਰਚ 1932, ਪੰਜਵੀਂ 23 ਮਾਰਚ 1932 ਤੋਂ 4 ਜੁਲਾਈ ਤੱਕ, ਛੇਵੀਂ 5 ਜੁਲਾਈ ਤੋਂ 25 ਦਸੰਬਰ 1932 ਤੱਕ, ਸੱਤਵੀਂ 28 ਮਾਰਚ 1933 ਤੋਂ 13 ਜਨਵਰੀ 1934 ਤੱਕ ਅਤੇ ਅੱਠਵੀਂ ਆਖ਼ਰੀ ਯਾਤਰਾ ਪਹਾੜੀ ਇਲਾਕੇ ਦੀ ਹੋਣ ਕਰਕੇ ਪੈਦਲ 5 ਮਈ 1934 ਤੋਂ 26 ਜੂਨ 1934 ਤੱਕ ਕੀਤੀ ਸੀ।


ਇਨ੍ਹਾਂ ਯਾਤਰਾਵਾਂ ਦੌਰਾਨ ਹਰ ਗੁਰੂ ਘਰ ਬਾਰੇ ਜਾਣਕਾਰੀ ਲਿਖੀ ਗਈ ਹੈ। ਇਹ ਜਾਣਕਾਰੀ ਅਤੇ ਤਸਵੀਰਾਂ ਲੈਣ ਸਮੇਂ ਕਈ ਥਾਵਾਂ ਤੇ ਪ੍ਰਬੰਧਕਾਂ ਅਤੇ ਲੋਕਾਂ ਨੇ ਝਗੜੇ ਵੀ ਕੀਤੇ। ਕਈ ਵਾਰ ਥਾਣੇ ਜਾਣਾ ਪਿਆ। ਕਈ ਗੁਰੂ ਘਰਾਂ ਵਿੱਚ ਪਈਆਂ ਪੁਰਾਤਨ ਬੀੜਾਂ ਦਾ ਵੀ, ਉਨ੍ਹਾਂ ਜ਼ਿਕਰ ਕੀਤਾ ਅਤੇ ਉਨ੍ਹਾਂ ਗੁਰੂ ਘਰਾਂ ਦੇ ਨਾਮ ਵੀ ਲਿਖੇ ਹਨ। ਉਨ੍ਹਾਂ ਨੇ ਅੰਦਾਜ਼ਨ 1600 ਗੁਰੂ ਘਰਾਂ ਦੇ ਦਰਸ਼ਨ ਕੀਤੇ ਅਤੇ ਉਨ੍ਹਾਂ ਬਾਰੇ ਜਾਣਕਾਰੀ ਕਲਮਬੱਧ ਕੀਤੀ। ਉਸ ਦੀਆਂ ਡਾਇਰੀਆਂ ਲੱਭਣ ਅਤੇ ਪ੍ਰਾਪਤ ਕਰਨ ਦੀ ਜ਼ਿੰਮੇਵਾਰੀ ਭਾਸ਼ਾ ਵਿਭਾਗ ਪੰਜਾਬ ਦੇ ਸਾਬਕਾ ਡਾਇਰੈਕਟਰ ਭਾਈ ਚੇਤਨ ਸਿੰਘ ਨੇ ਨਿਭਾਈ ਅਤੇ ਇਨ੍ਹਾਂ ਸਾਰੀਆਂ ਡਾਇਰੀਆਂ ਨੂੰ ਸੰਪਾਦਿਤ ਕਰਕੇ ਪੁਸਤਕ ਦਾ ਰੂਪ ਦਿੱਤਾ। ਸੰਪਾਦਕ ਦਾ ਕੰਮ ਬਹੁਤ ਔਖਾ ਸੀ ਪਰੰਤੂ ਚੇਤਨ ਸਿੰਘ ਦੀ ਦ੍ਰਿੜ੍ਹਤਾ ਨੇ ਸਾਰਾ ਕਾਰਜ ਨੇਪਰੇ ਚਾੜ੍ਹਿਆ।

ਗੁਰਬਖ਼ਸ ਸਿੰਘ ਦੇ ਸਪੁੱਤਰ ਜਬਰਜੰਗ ਸਿੰਘ ਦੀ ਦਾਦ ਦੇਣੀ ਬਣਦੀ ਹੈ, ਜਿਨ੍ਹਾਂ 80 ਸਾਲ ਇਹ ਡਾਇਰੀਆਂ ਅਤੇ ਤਸਵੀਰਾਂ ਸਾਂਭ ਕੇ ਰੱਖੀਆਂ। ਹੁਣ ਤੱਕ ਜਿਤਨਾ ਕੁਝ ਮੈਂ ਪੜ੍ਹਿਆ ਹੈ, ਅੱਜ ਤੱਕ ਕਿਸੇ ਵੀ ਖੋਜੀ ਨੇ 1600 ਗੁਰੂ ਘਰਾਂ ਦੇ ਨਾ ਤਾਂ ਦਰਸ਼ਨ ਕੀਤੇ ਹਨ ਅਤੇ ਨਾ ਹੀ ਜਾਣਕਾਰੀ ਇਕ ਪੁਸਤਕ ਵਿੱਚ ਪ੍ਰਕਾਸ਼ਤ ਕਰਨ ਦੀ ਕੋਸ਼ਿਸ਼ ਕੀਤੀ ਹੈ। ਉਹ ਇਕ ਫੋਟੋਗ੍ਰਾਫਰ, ਪੱਤਰਕਾਰ, ਸਾਹਿਤਕਾਰ, ਮਕੈਨਿਕ ਅਤੇ ਇਤਿਹਾਸਕਾਰ ਸੀ। ਹਰ ਤਸਵੀਰ ਦੇ ਪਿਛੇ ਗੁਰੂ ਘਰ, ਸਥਾਨ, ਜਿਲ੍ਹਾ ਅਤੇ ਸੂਬੇ ਦਾ ਨਾਮ ਲਿਖਿਆ ਹੋਇਆ ਸੀ। ਪੁਸਤਕ ਵਿੱਚ ਜਿਸ ਤਾਰੀਖ ਨੂੰ ਪਹਿਲੀ ਯਾਤਰਾ ਸ਼ੁਰੂ ਕੀਤੀ ਹੈ ਤੋਂ ਅਖ਼ੀਰਲੀ ਯਾਤਰਾ ਤੱਕ ਹਰ ਰੋਜ ਜਿਹੜੇ ਗੁਰੂ ਘਰਾਂ ਦੇ ਦਰਸ਼ਨ ਕੀਤੇ ਹਨ, ਉਨ੍ਹਾਂ ਦੀ ਸੂਚੀ ਅਤੇ ਸਫਲ ਮੀਲਾਂ ਵਿੱਚ ਲਿਖਿਆ ਹੋਇਆ ਹੈ। ਭਾਵ 1600 ਗੁਰੂ ਘਰਾਂ ਦੀ ਸੂਚੀ ਦਰਜ ਕੀਤੀ ਹੈ। ਹਰ ਰੋਜ ਵਾਪਰਨ ਵਾਲੀ ਹਰ ਘਟਨਾ ਵੀ ਦਰਜ ਕੀਤੀ ਹੈ।

ਪੁਸਤਕ ਦੇ ਅਖ਼ੀਰ ਵਿੱਚ ਵੀ ਸਾਰੇ ਦਾਨੀ ਸੱਜਣਾ ਦੀ ਸੂਚੀ ਲਿਖੀ ਗਈ ਹੈ। ਇਹ ਸੂਚੀ ਸਥਾਨ ਮੁਤੱਲਕ ਹੈ। ਭਾਵ ਇਕ ਸਥਾਨ ‘ਤੇ ਜਿਤਨੇ ਦਾਨੀਆਂ ਨੇ ਮਦਦ ਕੀਤੀ ਹੈ, ਮਦਦ ਵਿੱਚ ਕਿਤਨੀ ਰਕਮ ਜਾਂ ਕੋਈ ਵਸਤੂ ਆਦਿ ਵੀ ਦਰਜ ਹਨ। ਸਾਰੇ ਗੁਰੂ ਘਰਾਂ ਦੀਆਂ ਤਸਵੀਰਾਂ ਨਹੀਂ ਲਗਾਈਆਂ ਗਈਆਂ ਕਿਉਂਕਿ ਕਈ ਗੁਰੂ ਘਰਾਂ ਦੀਆਂ ਇਮਾਰਤਾਂ ਚੰਗੀਆਂ ਨਹੀਂ ਸਨ। ਭਾਈ ਧੰਨਾ ਸਿੰਘ ਚਹਿਲ ਵੱਲੋਂ ਭਾਈ ਗੁਰਬਖ਼ਸ਼ ਸਿੰਘ ਨੂੰ ਲਿਖੀਆਂ ਗਈਆਂ ਚਿੱਠੀਆਂ ਵੀ ਪ੍ਰਕਾਸ਼ਤ ਕੀਤੀਆਂ ਗਈਆਂ ਹਨ। ਕਈ ਤਸਵੀਰਾਂ ਦੇ ਨੈਗੇਟਿਵ ਵੀ ਮਿਲੇ ਸਨ।

ਭਾਈ ਧੰਨਾ ਸਿੰਘ ਦਾ ਜਨਮ 1905 ਵਿੱਚ ਹੋਇਆ ਸੀ। 3 ਮਾਰਚ 1935 ਨੂੰ 30 ਸਾਲਾਂ ਦੀ ਉਮਰ ਵਿੱਚ ਕਸ਼ਮੀਰ ਵਿੱਚ ਯਾਤਰਾ ਦੌਰਾਨ ਹੀ ਉਨ੍ਹਾਂ ਦੀ ਮੌਤ ਹੋ ਗਈ ਸੀ। ਉਨ੍ਹਾਂ ਦੇ ਮਾਤਾ ਪਿਤਾ ਦੀ ਮੌਤ ਬਚਪਨ ਵਿੱਚ ਹੀ ਹੋ ਗਈ ਸੀ, ਫਿਰ ਉਨ੍ਹਾਂ ਨੂੰ ਮਹਾਰਾਜਾ ਪਟਿਆਲਾ ਦੇ ਯਤੀਮਖਾਨੇ ਵਿੱਚ ਭੇਜ ਦਿੱਤਾ ਗਿਆ। ਉਨ੍ਹਾਂ ਦਾ ਨਾਮ ਲਾਲ ਸਿੰਘ ਸੀ ਪਰੰਤੂ ਅੰਮ੍ਰਿਤ ਪਾਨ ਕਰਨ ਤੋਂ ਬਾਅਦ ਧੰਨਾ ਸਿੰਘ ਰੱਖਿਆ ਗਿਆ ਸੀ।

940 ਪੰਨਿਆਂ, ਰੰਗਦਾਰ ਤਸਵੀਰਾਂ ਅਤੇ 2000 ਰੁਪਏ ਭੇਟਾ ਵਾਲੀ ਇਹ ਪੁਸਤਕ ਯੂਰਪੀ ਪੰਜਾਬੀ ਸੱਥ ਵਾਲਸਾਲ ਬਤਾਨੀਆਂ ਨੇ ਪ੍ਰਕਾਸ਼ਤ ਕੀਤੀ ਹੈ।




# ਔਰਤਾਂ ਲਈ ਕਰੀਅਰ ਵਿਕਲਪ- ਵਿਜੈ ਗਰਗ ਦੀ ਕਲਮ ਤੋਂ

ਅੱਜ ਔਰਤ ਅਤੇ ਮਰਦ ਜੀਵਨ ਦੇ ਹਰ ਖੇਤਰ ਵਿੱਚ ਹੱਥ ਮਿਲਾ ਕੇ ਚੱਲ ਰਹੇ ਹਨ। ਉਨ੍ਹਾਂ ਦੀ ਦੁਨੀਆ ਹੁਣ ਚਾਰ ਦੀਵਾਰੀ ਨਾਲ ਬੰਨ੍ਹੀ ਹੋਈ ਸੀਮਾਵਾਂ ਨਹੀਂ ਹੈ. ਇੱਕ ਏਅਰ ਹੋਸਟੇਸ ਦੇ ਰੂਪ ਵਿੱਚ ਮਹਿਲਾ ਕੈਰੀਅਰ ਲਈ ਕਰੀਅਰ ਐਡਵਰਟਾਈਜ਼ਿੰਗ ਵਿੱਚ ਕੈਰੀਅਰ ਦੀ ਸੰਭਾਵਨਾ ਫੈਸ਼ਨ ਡਿਜ਼ਾਈਨਿੰਗ ਵਿੱਚ ਕਰੀਅਰ ਪੱਤਰਕਾਰੀ ਅਤੇ ਜਨ ਸੰਚਾਰ ਵਿੱਚ ਕਰੀਅਰ ਔਰਤਾਂ ਲਈ ਕਰੀਅਰ ਅੱਜ ਔਰਤ ਅਤੇ ਮਰਦ ਜੀਵਨ ਦੇ ਹਰ ਖੇਤਰ ਵਿੱਚ ਹੱਥ ਮਿਲਾ ਕੇ ਚੱਲ ਰਹੇ ਹਨ। ਉਨ੍ਹਾਂ ਦੀ ਦੁਨੀਆ ਹੁਣ ਚਾਰ ਦੀਵਾਰੀ ਨਾਲ ਬੰਨ੍ਹੀ ਹੋਈ ਸੀਮਾਵਾਂ ਨਹੀਂ ਹੈ. ਆਧੁਨਿਕ ਟੈਕਨਾਲੋਜੀ ਦੇ ਆਗਮਨ ਦੇ ਨਾਲ-ਨਾਲ ਸਹੀ ਸਿੱਖਿਆ ਅਤੇ ਸੰਚਾਰ ਨੇ ਹਰ ਔਰਤ ਨੂੰ ਆਪਣੀਆਂ ਇੱਛਾਵਾਂ ਅਤੇ ਸੁਪਨਿਆਂ ਨੂੰ ਜਿਉਣ ਲਈ ਲੋੜੀਂਦੀ ਜਗ੍ਹਾ ਪ੍ਰਦਾਨ ਕੀਤੀ ਹੈ ਜਿਵੇਂ ਪਹਿਲਾਂ ਕਦੇ ਨਹੀਂ ਸੀ। ਇਸ ਲਈ, ਜੇਕਰ ਤੁਸੀਂ ਉਨ੍ਹਾਂ ਔਰਤਾਂ ਵਿੱਚੋਂ ਇੱਕ ਹੋ ਜੋ ਉਸਦੇ ਸੁਪਨੇ ਨੂੰ ਅੱਗੇ ਵਧਾਉਣਾ ਚਾਹੁੰਦੀਆਂ ਹਨ ਅਤੇ ਅਗਲੀ ਕਾਰਪੋਰੇਟ ਲੀਡਰ ਬਣਨ ਦੀ ਇੱਛਾ ਰੱਖਦੀਆਂ ਹਨ, ਤਾਂ ਤੁਹਾਡੇ ਲਈ ਅਜਿਹਾ ਕਰਨ ਦਾ ਮੌਕਾ ਹੈ। ਇੱਥੇ ਅਸੀਂ ਕੈਰੀਅਰ ਦੇ ਵਿਕਲਪਾਂ ਦੀ ਇੱਕ ਵਿਸਤ੍ਰਿਤ ਸੂਚੀ ਪੇਸ਼ ਕਰ ਰਹੇ ਹਾਂ ਜੋ ਤੁਹਾਡੇ ਜਨੂੰਨ, ਪ੍ਰਤਿਭਾ ਅਤੇ ਹੁਨਰ ਦੇ ਅਨੁਸਾਰ ਤੁਹਾਡੇ ਲਈ ਅਨੁਕੂਲ ਹੋ ਸਕਦੇ ਹਨ: ਏਅਰ ਹੋਸਟੇਸ ਵਜੋਂ ਕਰੀਅਰ ਇਹ ਨਾ ਸਿਰਫ਼ ਇੱਕ ਗਲੈਮਰਸ ਹੈ, ਸਗੋਂ ਇੱਕ ਸ਼ਾਨਦਾਰ ਕੈਰੀਅਰ ਵਿਕਲਪ ਵੀ ਹੈ ਜੋ ਭਾਰਤੀ ਔਰਤਾਂ ਵਿੱਚ ਪ੍ਰਸਿੱਧ ਹੈ। ਜੇਕਰ ਤੁਸੀਂ ਦੂਜਿਆਂ ਨਾਲ ਗੱਲ ਕਰਨਾ ਪਸੰਦ ਕਰਦੇ ਹੋ ਅਤੇ ਇੱਕ ਮਨਮੋਹਕ ਸ਼ਖਸੀਅਤ ਦੇ ਨਾਲ-ਨਾਲ ਵਧੀਆ ਸੰਚਾਰ ਹੁਨਰ ਵੀ ਰੱਖਦੇ ਹੋ, ਤਾਂ ਇਹ ਪੇਸ਼ਾ ਤੁਹਾਡੇ ਲਈ ਬਣਾਇਆ ਗਿਆ ਹੈ। ਇੱਕ ਏਅਰ ਹੋਸਟੇਸ ਹੋਣ ਦੇ ਨਾਤੇ, ਤੁਸੀਂ ਵੱਖ-ਵੱਖ ਥਾਵਾਂ ਅਤੇ ਦੇਸ਼ਾਂ ਦਾ ਦੌਰਾ ਕਰਨ ਦੇ ਯੋਗ ਹੋਵੋਗੇ, ਹੋਟਲਾਂ ਵਿੱਚ ਰਹਿਣ ਦਾ ਆਨੰਦ ਮਾਣੋਗੇ ਅਤੇ ਹਰ ਇੱਕ ਦਿਨ ਨਵੇਂ ਲੋਕਾਂ ਨਾਲ ਗੱਲ ਕਰਨ ਦੀ ਖੁਸ਼ੀ ਦਾ ਅਨੁਭਵ ਕਰੋਗੇ। ਫਿਰ ਵੀ, ਜੇਕਰ ਤੁਸੀਂ ਇਸ ਪੇਸ਼ੇ ਵਿੱਚ ਕੰਮ ਕਰਨ ਦੀ ਉਮੀਦ ਰੱਖਦੇ ਹੋ, ਤਾਂ 100% ਪ੍ਰਤੀਬੱਧਤਾ, ਸਮਰਪਣ ਅਤੇ ਹਿੰਮਤ ਨਾਲ ਸਖ਼ਤ ਮਿਹਨਤ ਕਰਨ ਲਈ ਤਿਆਰ ਰਹੋ। ਯੋਗਤਾ ਅਤੇ ਸ਼ਖਸੀਅਤ ਦੇ ਗੁਣ ਭਾਰਤ ਵਿੱਚ ਕਈ ਸੰਸਥਾਵਾਂ ਹਨ ਜੋ ਉਮੀਦਵਾਰਾਂ ਨੂੰ ਡਿਪਲੋਮਾ ਅਤੇ ਥੋੜ੍ਹੇ ਸਮੇਂ ਦੇ ਕੋਰਸ ਅਤੇ ਸਿਖਲਾਈ ਦੀ ਪੇਸ਼ਕਸ਼ ਕਰਦੀਆਂ ਹਨ। ਏਅਰ ਹੋਸਟੇਸ ਦੀ ਸਿਖਲਾਈ ਲਈ, ਏਅਰ ਇੰਡੀਆ ਅਤੇ ਇੰਡੀਅਨ ਏਅਰਲਾਈਨਜ਼ ਵਰਗੇ ਏਅਰ ਸਰਵਿਸ ਕੈਰੀਅਰ 19 ਤੋਂ 25 ਸਾਲ ਦੀ ਉਮਰ ਦੀਆਂ ਕੁੜੀਆਂ ਨੂੰ ਘੱਟੋ-ਘੱਟ 157.5 ਸੈਂਟੀਮੀਟਰ ਦੀ ਉਚਾਈ ਨਾਲ ਭਰਤੀ ਕਰਦੇ ਹਨ। ਜ਼ਿਆਦਾਤਰ ਸੰਸਥਾਵਾਂ ਵਿੱਚ, ਮੁੱਢਲੀ ਵਿਦਿਅਕ ਯੋਗਤਾ 12ਵੀਂ ਪਾਸ ਹੋਣੀ ਚਾਹੀਦੀ ਹੈ। ਹਾਲਾਂਕਿ, ਕੁਝ ਸੰਸਥਾਵਾਂ ਗ੍ਰੈਜੂਏਸ਼ਨ ਡਿਗਰੀ ਲਈ ਵੀ ਪੁੱਛਦੀਆਂ ਹਨ।

ਮਨਮੋਹਕ ਅਤੇ ਨਿਮਰ ਸ਼ਖ਼ਸੀਅਤ ਵਾਲੀਆਂ ਚੁਸਤ ਅਤੇ ਆਤਮ-ਵਿਸ਼ਵਾਸ ਵਾਲੀਆਂ ਕੁੜੀਆਂ ਏਅਰ ਹੋਸਟੇਸ ਦੇ ਪੇਸ਼ੇ ਵਿੱਚ ਇਸ ਪੱਧਰ ਤੱਕ ਪਹੁੰਚਦੀਆਂ ਹਨ। ਇਹਨਾਂ ਗੁਣਾਂ ਦੇ ਨਾਲ-ਨਾਲ, ਇਸ ਪੇਸ਼ੇ ਵਿੱਚ ਵਧੀਆ ਸੰਚਾਰ ਹੁਨਰ ਅਤੇ ਹਾਸੇ ਦੀ ਚੰਗੀ ਭਾਵਨਾ ਦੇ ਸੁਮੇਲ ਦੀ ਵੀ ਮੰਗ ਕੀਤੀ ਜਾਂਦੀ ਹੈ। ਇਸ ਪੇਸ਼ੇ ਵਿੱਚ ਘੱਟੋ-ਘੱਟ ਇੱਕ ਵਿਦੇਸ਼ੀ ਭਾਸ਼ਾ ਵਿੱਚ ਮੁਹਾਰਤ ਨੂੰ ਤਰਜੀਹ ਦਿੱਤੀ ਜਾਂਦੀ ਹੈ; ਹਾਲਾਂਕਿ, ਇਹ ਲਾਜ਼ਮੀ ਨਹੀਂ ਹੈ। ਵਿਦਿਅਕ ਸੰਸਥਾਵਾਂ ਇੱਥੇ ਬਹੁਤ ਸਾਰੀਆਂ ਸੰਸਥਾਵਾਂ ਹਨ ਜੋ ਸਿਖਲਾਈ ਅਤੇ ਡਿਗਰੀ ਕੋਰਸ ਪ੍ਰਦਾਨ ਕਰਦੀਆਂ ਹਨ। ਕੁਝ ਮਸ਼ਹੂਰ ਨਾਮ ਹੇਠਾਂ ਦਿੱਤੇ ਗਏ ਹਨ। ਭਾਰਤ ਵਿੱਚ ਬਹੁਤ ਸਾਰੇ ਵਿਦਿਅਕ ਅਦਾਰੇ ਹਨ ਜੋ ਵਿਦਿਆਰਥੀਆਂ ਨੂੰ ਏਅਰ ਹੋਸਟੇਸ ਦੀ ਸਿਖਲਾਈ ਦਿੰਦੇ ਹਨ। ਕੁਝ ਨਾਮਵਰ ਸੰਸਥਾਵਾਂ ਹਨ ਵਾਈਐਮਸੀਏ, ਨਵੀਂ ਦਿੱਲੀ ਸਕਾਈਲਾਈਨ ਐਜੂਕੇਸ਼ਨਲ ਇੰਸਟੀਚਿਊਟ, ਹੌਜ਼ ਖਾਸ, ਦਿੱਲੀ ਨੌਕਰੀ ਦੀਆਂ ਸੰਭਾਵਨਾਵਾਂ ਏਅਰ ਹੋਸਟੇਸ ਦੀ ਸਫਲਤਾਪੂਰਵਕ ਸਮਾਪਤੀ ਤੋਂ ਬਾਅਦ, ਉਮੀਦਵਾਰ ਪਬਲਿਕ ਅਤੇ ਪ੍ਰਾਈਵੇਟ ਏਅਰਲਾਈਨਾਂ ਜਿਵੇਂ ਕਿ ਏਅਰ ਇੰਡੀਆ, ਇੰਡੀਗੋ, ਬ੍ਰਿਟਿਸ਼ ਏਅਰਵੇਜ਼, ਆਦਿ ਵਿੱਚ ਨੌਕਰੀਆਂ ਲੱਭ ਸਕਦੇ ਹਨ। ਵਿ-ਗਆਪਨ ਵਿੱਚ ਕਰੀਅਰ ਦੀ ਸੰਭਾਵਨਾ ਵਿਗਿਆਪਨ ਪੇਸ਼ੇ ਦੇ ਇੱਕ ਜੀਵੰਤ ਅਤੇ ਗਲੈਮਰਸ ਖੇਤਰ ਦੇ ਰੂਪ ਵਿੱਚ ਉਭਰਿਆ ਹੈ, ਜੋ ਇੱਕ ਪਾਸੇ ਬਹੁਤ ਸਾਰੇ ਮਜ਼ੇਦਾਰ ਅਤੇ ਸਿਰਜਣਾਤਮਕਤਾ ਅਤੇ ਦੂਜੇ ਪਾਸੇ ਪ੍ਰਸਿੱਧੀ ਅਤੇ ਮਾਨਤਾ ਦੀ ਗਰੰਟੀ ਦਿੰਦਾ ਹੈ। ਇਸ ਪੇਸ਼ੇ ਵਿੱਚ, ਤੁਹਾਨੂੰ ਤੁਹਾਡੇ ਆਲੇ ਦੁਆਲੇ ਕੀ ਹੋ ਰਿਹਾ ਹੈ ਇਸ ਬਾਰੇ ਜਾਗਰੂਕਤਾ ਪੈਦਾ ਕਰਨ ਦੇ ਯੋਗ ਹੋਣਾ ਚਾਹੀਦਾ ਹੈ, ਅਤੇ ਫਿਰ ਮਨਮੋਹਕ ਇਸ਼ਤਿਹਾਰਾਂ ਨਾਲ ਨਿਸ਼ਾਨਾ ਦਰਸ਼ਕਾਂ ਨੂੰ ਸ਼ਾਮਲ ਕਰਨਾ ਚਾਹੀਦਾ ਹੈ। ਵਿਗਿਆਪਨ ਕੈਰੀਅਰ ਸਰਬਪੱਖੀ ਰਚਨਾਤਮਕਤਾ, ਉਪਭੋਗਤਾ ਵਿਵਹਾਰ ਦੀ ਸਮਝ ਅਤੇ ਬ੍ਰਾਂਡਿੰਗ ਹੁਨਰ ਦੀ ਮੰਗ ਕਰਦਾ ਹੈ। ਯੋਗਤਾ ਅਤੇ ਸ਼ਖਸੀਅਤ ਦੇ ਗੁਣ ਬੈਚਲਰ ਪੱਧਰ 'ਤੇ ਵਿਗਿਆਪਨ ਕੋਰਸ ਵਿੱਚ ਸ਼ਾਮਲ ਹੋਣ ਲਈ ਯੋਗਤਾ ਮਾਪਦੰਡ 12ਵੀਂ ਪਾਸ ਹੈ ਅਤੇ ਪੀਜੀ ਪੱਧਰ ਲਈ, ਤੁਹਾਨੂੰ ਕਿਸੇ ਵੀ ਅਨੁਸ਼ਾਸਨ ਵਿੱਚ ਗ੍ਰੈਜੂਏਟ ਹੋਣਾ ਚਾਹੀਦਾ ਹੈ। ਇੱਥੇ ਬਹੁਤ ਸਾਰੀਆਂ ਸੰਸਥਾਵਾਂ ਹਨ ਜੋ ਵਿਗਿਆਪਨ ਕੋਰਸ ਦੀ ਪੇਸ਼ਕਸ਼ ਕਰਦੀਆਂ ਹਨਅੰਡਰਗਰੈਜੂਏਟ ਅਤੇ ਪੋਸਟ ਗ੍ਰੈਜੂਏਟ ਪੱਧਰ। ਇਸ਼ਤਿਹਾਰਬਾਜ਼ੀ ਵਿੱਚ ਕਰੀਅਰ ਸ਼ੁਰੂ ਕਰਨ ਦਾ ਸਭ ਤੋਂ ਵਧੀਆ ਤਰੀਕਾ ਇੱਕ ਐਡ ਏਜੰਸੀ ਵਿੱਚ ਸ਼ਾਮਲ ਹੋਣਾ ਹੈ। ਤੁਹਾਡੇ ਜਨੂੰਨ ਅਤੇ ਹੁਨਰ ਦੇ ਆਧਾਰ 'ਤੇ, ਤੁਸੀਂ ਕਿਸੇ ਵੀ ਐਡ ਏਜੰਸੀ ਦੇ ਰਚਨਾਤਮਕ ਜਾਂ ਪ੍ਰਬੰਧਨ ਵਿਭਾਗ ਵਿੱਚ ਸ਼ਾਮਲ ਹੋ ਸਕਦੇ ਹੋ। ਇਸ਼ਤਿਹਾਰਬਾਜ਼ੀ ਵਿੱਚ ਇੱਕ ਸਫਲ ਕਰੀਅਰ ਬਣਾਉਣ ਲਈ, ਤੁਹਾਨੂੰ ਇੱਕ ਮਰੀਜ਼ ਅਤੇ ਸ਼ਾਂਤ ਸੁਭਾਅ ਦੇ ਨਾਲ-ਨਾਲ ਬਹੁਤ ਵਧੀਆ ਕਲਪਨਾਤਮਕ ਅਤੇ ਦ੍ਰਿਸ਼ਟੀਗਤ ਹੁਨਰ ਦੀ ਜ਼ਰੂਰਤ ਹੈ। ਤੁਹਾਡੇ ਕੋਲ ਇਸ ਖੇਤਰ ਵਿੱਚ ਤਰੱਕੀ ਕਰਨ ਲਈ ਦਬਾਅ ਅਤੇ ਤੰਗ ਸਮਾਂ ਸੀਮਾ ਵਿੱਚ ਕੰਮ ਕਰਨ ਦੀ ਯੋਗਤਾ ਵੀ ਹੋਣੀ ਚਾਹੀਦੀ ਹੈ। ਇਸ ਪੇਸ਼ੇ ਵਿੱਚ ਕੰਮ ਕਰਨ ਅਤੇ ਉੱਤਮਤਾ ਪ੍ਰਾਪਤ ਕਰਨ ਲਈ ਭਾਸ਼ਾ ਉੱਤੇ ਕਮਾਂਡ, ਇੱਕ ਟੀਮ ਨਾਲ ਕੰਮ ਕਰਨ ਦੀ ਯੋਗਤਾ ਅਤੇ ਸੰਗਠਨ ਦੇ ਹੁਨਰ ਦੀ ਵੀ ਲੋੜ ਹੁੰਦੀ ਹੈ। ਵਿਦਿਅਕ ਸੰਸਥਾਵਾਂ ਇਸ਼ਤਿਹਾਰਬਾਜ਼ੀ ਵਿੱਚ ਪੇਸ਼ੇਵਰ ਕੋਰਸਾਂ ਦੀ ਪੇਸ਼ਕਸ਼ ਕਰਨ ਵਾਲੀਆਂ ਕੁਝ ਚੰਗੀਆਂ ਸੰਸਥਾਵਾਂ ਇਸ ਪ੍ਰਕਾਰ ਹਨ: ਭਾਰਤੀ ਵਿਦਿਆ ਭਵਨ, (ਮੁੰਬਈ, ਕਲਕੱਤਾ, ਚੇਨਈ, ਦਿੱਲੀ) ਸੈਂਟਰ ਫਾਰ ਮਾਸ ਮੀਡੀਆ, ਵਾਈਐਮਸੀਏ, ਨਵੀਂ ਦਿੱਲੀ ਇੰਡੀਅਨ ਇੰਸਟੀਚਿਊਟ ਆਫ ਮਾਸ ਕਮਿਊਨੀਕੇਸ਼ਨ (), ਨਵੀਂ ਦਿੱਲੀ ਸੇਂਟ ਜ਼ੇਵੀਅਰਜ਼ ਕਾਲਜ ਆਫ਼ ਕਮਿਊਨੀਕੇਸ਼ਨ, ਮੁੰਬਈ ਨੌਕਰੀ ਦੀਆਂ ਸੰਭਾਵਨਾਵਾਂ ਐਡਵਰਟਾਈਜ਼ਿੰਗ ਵਿੱਚ ਪੜ੍ਹਾਈ ਪੂਰੀ ਕਰਨ ਤੋਂ ਬਾਅਦ, ਤੁਸੀਂ ਐਡ ਏਜੰਸੀਆਂ, ਰੇਡੀਓ ਚੈਨਲ, ਮੀਡੀਆ ਹਾਊਸ, ਈ-ਕਾਮਰਸ ਸਟੋਰ, ਐਫਐਮਸੀਜੀ ਕੰਪਨੀਆਂ ਅਤੇ ਪੀਆਰ ਏਜੰਸੀਆਂ ਵਿੱਚ ਨੌਕਰੀਆਂ ਲੱਭ ਸਕਦੇ ਹੋ। ਉਤਪਾਦ ਪ੍ਰਮੋਸ਼ਨ ਅਤੇ ਬ੍ਰਾਂਡਿੰਗ ਦੇ ਰੂਪ ਵਿੱਚ ਵਿਗਿਆਪਨ ਦੀ ਪ੍ਰਸਿੱਧੀ ਦਿਨ-ਬ-ਦਿਨ ਵਧ ਰਹੀ ਹੈ, ਅਤੇ ਸੰਸਥਾਵਾਂ ਕਲਾਇੰਟ ਸਰਵਿਸਿੰਗ, ਅਕਾਊਂਟ ਮੈਨੇਜਮੈਂਟ, ਪਬਲਿਕ ਰਿਲੇਸ਼ਨ, ਸੇਲਜ਼ ਪ੍ਰਮੋਸ਼ਨ, ਆਰਟ ਡਾਇਰੈਕਸ਼ਨ ਅਤੇ ਕਾਪੀ ਰਾਈਟਿੰਗ ਦੇ ਖੇਤਰ ਤੋਂ ਪੇਸ਼ੇਵਰਾਂ ਦੀ ਲਗਾਤਾਰ ਭਾਲ ਕਰ ਰਹੀਆਂ ਹਨ। ਫੈਸ਼ਨ ਡਿਜ਼ਾਈਨਿੰਗ ਵਿੱਚ ਕਰੀਅਰ ਆਰਥਿਕ ਵਿਕਾਸ ਅਤੇ ਆਧੁਨਿਕ ਕਦਰਾਂ-ਕੀਮਤਾਂ ਦੇ ਵਾਧੇ ਨੇ ਸਾਡੀ ਜੀਵਨ ਸ਼ੈਲੀ ਨੂੰ ਪ੍ਰਭਾਵਿਤ ਕੀਤਾ ਹੈ।

ਅੱਜ, ਹਰ ਕੋਈ ਲਿਬਾਸ, ਭੋਜਨ, ਯਾਤਰਾ, ਸਿੱਖਿਆ ਅਤੇ ਸਬੰਧਾਂ ਦੇ ਮਾਮਲੇ ਵਿੱਚ ਇੱਕ ਵਧੀਆ ਜੀਵਨ ਸ਼ੈਲੀ ਲੈਣਾ ਚਾਹੁੰਦਾ ਹੈ। ਇਸ ਰੁਝਾਨ ਨੂੰ ਦੇਖਦੇ ਹੋਏ, ਫੈਸ਼ਨ ਡਿਜ਼ਾਈਨਿੰਗ ਪਿਛਲੇ ਕੁਝ ਸਮੇਂ ਲਈ ਸਭ ਤੋਂ ਹੌਟ ਕਰੀਅਰ ਵਿਕਲਪ ਵਜੋਂ ਉਭਰਿਆ ਹੈ। ਧਰਤੀ 'ਤੇ ਹਰ ਦੂਜਾ ਵਿਅਕਤੀ ਇੱਕ ਗਲੈਮਰਸ ਅਤੇ ਆਕਰਸ਼ਕ ਤਰੀਕੇ ਨਾਲ ਪਹਿਰਾਵਾ ਕਰਨਾ ਚਾਹੁੰਦਾ ਹੈ, ਅਤੇ ਇਸ ਕਾਰਨ ਹੁਣ ਫੈਸ਼ਨ ਡਿਜ਼ਾਈਨਰਾਂ ਦੀ ਭਾਰੀ ਮੰਗ ਹੈ। ਇਸ ਆਧੁਨਿਕ ਸਮਾਜ ਵਿੱਚ ਫੈਸ਼ਨ ਹਰ ਕਿਸੇ ਦੇ ਜੀਵਨ ਦਾ ਇੱਕ ਅਨਿੱਖੜਵਾਂ ਅੰਗ ਬਣ ਗਿਆ ਹੈ। ਇਸ ਲਈ, ਤੁਸੀਂ ਇਸ ਪੇਸ਼ੇ ਵਿੱਚ ਆਪਣੇ ਕੈਰੀਅਰ ਨੂੰ ਨਵੀਆਂ ਉਚਾਈਆਂ ਤੱਕ ਵਧਾਉਣ ਅਤੇ ਲੈ ਜਾਣ ਲਈ ਪਾਬੰਦ ਹੋ। ਯੋਗਤਾ ਅਤੇ ਸ਼ਖਸੀਅਤ ਦੇ ਗੁਣ ਕਿਸੇ ਨਾਮਵਰ ਸੰਸਥਾ ਤੋਂ ਫੈਸ਼ਨ ਡਿਜ਼ਾਈਨਿੰਗ ਕੋਰਸ ਕਰਨ ਲਈ ਮੁੱਢਲੀ ਯੋਗਤਾ ਮਾਪਦੰਡ 12ਵੀਂ ਪਾਸ ਹੈ। ਇੱਥੇ ਦੋ ਕਿਸਮ ਦੇ ਕੋਰਸ ਹਨ ਜੋ ਤੁਸੀਂ 10+2 ਤੋਂ ਬਾਅਦ ਕਰ ਸਕਦੇ ਹੋ, ਅਤੇ ਉਹ ਹਨ ਫੈਸ਼ਨ ਤਕਨਾਲੋਜੀ ਵਿੱਚ ਬੈਚਲਰ ਅਤੇ ਫੈਸ਼ਨ ਡਿਜ਼ਾਈਨਿੰਗ ਵਿੱਚ ਬੈਚਲਰ। ਤੁਹਾਡੀ ਦਿਲਚਸਪੀ ਦੇ ਖੇਤਰ 'ਤੇ ਨਿਰਭਰ ਕਰਦਿਆਂ, ਤੁਸੀਂ ਇਹਨਾਂ ਕੋਰਸਾਂ ਦਾ ਪਿੱਛਾ ਕਰ ਸਕਦੇ ਹੋ। ਇਨ੍ਹਾਂ ਕੋਰਸਾਂ ਦੀ ਸਮਾਂ ਮਿਆਦ 4 ਸਾਲ ਹੈ। ਇਸ ਪੇਸ਼ੇ ਵਿੱਚ ਸ਼ਾਮਲ ਹੋਣ ਲਈ, ਤੁਹਾਨੂੰ ਬਹੁਤ ਜ਼ਿਆਦਾ ਕਲਪਨਾਸ਼ੀਲ ਹੋਣਾ ਚਾਹੀਦਾ ਹੈ ਅਤੇ ਵਧੀਆ ਮਾਸਟਰਪੀਸ ਬੁਣਨ ਲਈ ਫੈਬਰਿਕ, ਰੰਗ ਅਤੇ ਸ਼ੈਲੀ ਨੂੰ ਮਿਲਾਉਣ ਲਈ ਇੱਕ ਕਲਾਤਮਕ ਦ੍ਰਿਸ਼ਟੀਕੋਣ ਦੇ ਨਾਲ-ਨਾਲ ਬੇਮਿਸਾਲ ਵਿਜ਼ੂਅਲਾਈਜ਼ੇਸ਼ਨ ਸਮਰੱਥਾਵਾਂ ਹੋਣੀਆਂ ਚਾਹੀਦੀਆਂ ਹਨ। ਇਸ ਤੋਂ ਇਲਾਵਾ, ਤੁਹਾਨੂੰ ਇਸ ਖੇਤਰ ਵਿੱਚ ਚੁਣੌਤੀਆਂ ਅਤੇ ਮੁਕਾਬਲੇ ਦਾ ਸਾਹ-ਮਣਾ ਕਰਨ ਲਈ ਤਿਆਰ ਰਹਿਣਾ ਚਾਹੀਦਾ ਹੈ, ਅਤੇ ਆਪਣੇ ਆਪ ਨੂੰ ਤਾਜ਼ਾ ਫੈਸ਼ਨ ਰੁਝਾਨਾਂ ਅਤੇ ਉਪਭੋਗਤਾ ਦੇ ਫੈਸ਼ਨ ਸਵਾਦ ਨਾਲ ਅਪਡੇਟ ਰੱਖਣਾ ਚਾਹੀਦਾ ਹੈ। ਵਿਦਿਅਕ ਸੰਸਥਾਵਾਂ ਫੈਸ਼ਨ ਡਿਜ਼ਾਈਨਿੰਗ ਵਿੱਚ ਕੋਰਸਾਂ ਦੀ ਪੇਸ਼ਕਸ਼ ਕਰਨ ਵਾਲੇ ਚੋਟੀ ਦੇ ਸੰਸਥਾਵਾਂ ਦੀ ਸੂਚੀ ਹੇਠ ਲਿਖੇ ਅਨੁਸਾਰ ਹੈ: ਨੈਸ਼ਨਲ ਇੰਸਟੀਚਿਊਟ ਆਫ ਫੈਸ਼ਨ ਡਿਜ਼ਾਈਨ, ਕਲਕੱਤਾ। ਨਵੀਂ ਦਿੱਲੀ, ਮੁੰਬਈ, ਕਲਕੱਤਾ, ਚੇਨਈ, ਬੈਂਗਲੁਰੂ, ਹੈਦਰਾਬਾਦ ਅਤੇ ਗਾਂਧੀਨਗਰ ਵਿਖੇ ਨੈਸ਼ਨਲ ਇੰਸਟੀਚਿਊਟ ਆਫ ਫੈਸ਼ਨ ਤਕਨਾਲੋਜੀ ਪਰਲ ਅਕੈਡਮੀ ਆਫ ਫੈਸ਼ਨ, ਨਵੀਂ ਦਿੱਲੀ। ਸੋਫੀਆ ਪੋਲੀਟੈਕਨਿਕ, ਮੁੰਬਈ ਨੌਕਰੀ ਦੀਆਂ ਸੰਭਾਵਨਾਵਾਂ ਜੇਕਰ ਤੁਸੀਂ ਕਲਾਤਮਕ ਹੋ ਅਤੇ ਸ਼ਾਨਦਾਰ ਫੈਸ਼ਨ ਸਮਝ ਰੱਖਦੇ ਹੋ, ਤਾਂ ਇਸ ਪੇਸ਼ੇ ਵਿੱਚ ਤੁਹਾਡੇ ਲਈ ਅਸਮਾਨ ਇੱਕ ਸੀਮਾ ਹੈ। ਇੱਕ ਹੁਨਰਮੰਦ ਅਤੇ ਪ੍ਰਤਿਭਾਸ਼ਾਲੀ ਫੈਸ਼ਨ ਡਿਜ਼ਾਈਨਰ ਇੱਕ ਸਟਾਈਲਿਸਟ ਜਾਂ ਡਿਜ਼ਾਈਨਰ ਵਜੋਂ ਕੱਪੜੇ ਕੰਪਨੀਆਂ, ਨਿਰਯਾਤ ਘਰਾਂ ਅਤੇ ਕੱਚੇ ਮਾਲ ਉਦਯੋਗ ਵਿੱਚ ਨੌਕਰੀ ਲੱਭ ਸਕਦਾ ਹੈ। ਇਸ ਪੇਸ਼ੇ ਦੀ ਸਭ ਤੋਂ ਚੰਗੀ ਗੱਲ ਇਹ ਹੈ ਕਿ ਤੁਸੀਂ ਫੈਸ਼ਨ ਹਾਸਲ ਕਰਨ ਤੋਂ ਬਾਅਦ ਆਪਣੀ ਖੁਦ ਦੀ ਫੈਸ਼ਨ ਬੁਟੀਕ ਖੋਲ੍ਹ ਸਕਦੇ ਹੋ ਸਾਲਾਂ ਦਾ ਕੰਮ ਦਾ ਤਜਰਬਾ। ਫੈਸ਼ਨ ਡਿਜ਼ਾਈਨਿੰਗ ਗ੍ਰੈਜੂਏਟ ਲਈ ਵਿਜ਼ੂਅਲ ਵਪਾਰੀਕਰਨ, ਕਾਸਟਿਊਮ ਡਿਜ਼ਾਈਨਿੰਗ ਅਤੇ ਫੈਸ਼ਨ ਰਾਈਟਿੰਗ ਹੋਰ ਕਰੀਅਰ ਵਿਕਲਪ ਹਨ। ਪੱਤਰਕਾਰੀ ਅਤੇ ਜਨ ਸੰਚਾਰ ਵਿੱਚ ਕਰੀਅਰ ਖੈਰ, ਤੁਸੀਂ ਅੰਜਨਾ ਓਮ ਕਸ਼ਯਪ ਅਤੇ ਬਰਖਾ ਦੱਤ ਵਰਗੇ ਮਸ਼ਹੂਰ ਨਿਊਜ਼ ਪੱਤਰਕਾਰਾਂ ਤੋਂ ਜਾਣੂ ਹੋਵੋਗੇ। ਅਤੇ, ਜੇ ਤੁਸੀਂ ਉਨ੍ਹਾਂ ਵਰਗੇ ਬਣਨ ਦੀ ਇੱਛਾ ਰੱਖਦੇ ਹੋ, ਤਾਂ ਪੱਤਰਕਾਰੀ ਅਤੇ ਜਨ ਸੰਚਾਰ ਦਾ ਕੋਰਸ ਕਰਨਾ ਸਹੀ ਕੰਮ ਹੋਵੇਗਾ। ਪੱਤਰਕਾਰੀ ਅਤੇ ਜਨ ਸੰਚਾਰ ਦਾ ਪੇਸ਼ਾ ਚੁਣੌਤੀਪੂਰਨ ਅਤੇ ਸਾਹਸੀ ਹੈ ਅਤੇ ਵੱਧ ਤੋਂ ਵੱਧ ਔਰਤਾਂ ਇਸ ਪੇਸ਼ੇ ਵਿੱਚ ਸ਼ਾਮਲ ਹੋ ਰਹੀਆਂ ਹਨ ਕਿਉਂਕਿ ਇਹ ਉਸੇ ਪਾਸੇ ਨੌਕਰੀ ਦੀ ਸੰਤੁਸ਼ਟੀ ਅਤੇ ਪ੍ਰਸਿੱਧੀ ਦਾ ਵਾਅਦਾ ਕਰਦਾ ਹੈ। ਡਿਜੀਟਲ ਮੀਡੀਆ ਦੇ ਉਭਾਰ ਨੇ ਜਨ ਸੰਚਾਰ ਅਤੇ ਪੱਤਰਕਾਰੀ ਦਾ ਦਾਇਰਾ ਹੋਰ ਵੀ ਵਿਸ਼ਾਲ ਕਰ ਦਿੱਤਾ ਹੈ ਜਿੱਥੇ ਰਿਪੋਰਟਰਾਂ, ਕਾਪੀ ਲੇਖਕਾਂ, ਨਿਰਮਾਤਾਵਾਂ, ਐਂਕਰਾਂ, ਮਾਹਰਾਂ ਅਤੇ ਕਾਲਮਨਵੀਸ ਦੇ ਰੂਪ ਵਿੱਚ ਨੌਕਰੀ ਦੀਆਂ ਭੂਮਿਕਾਵਾਂ ਦੀ ਬਹੁਤ ਜ਼ਿਆਦਾ ਮੰਗ ਹੈ। ਯੋਗਤਾ ਅਤੇ ਸ਼ਖਸੀਅਤ ਦੇ ਗੁਣ ਮਾਸ ਕਮਿਊਨੀਕੇਸ਼ਨ ਵਿੱਚ ਬੈਚਲਰ ਅਤੇ ਮਾਸ ਕਮਿਊਨੀਕੇਸ਼ਨ ਕੋਰਸਾਂ ਵਿੱਚ ਮਾਸਟਰਜ਼ ਕਰਨ ਲਈ ਤੁਹਾਡੇ ਕੋਲ ਕ੍ਰਮਵਾਰ 12ਵੀਂ ਪਾਸ ਡਿਗਰੀ ਅਤੇ ਅੰਡਰਗ੍ਰੈਜੁਏਟ ਡਿਗਰੀ ਹੋਣੀ ਚਾਹੀਦੀ ਹੈ। ਕੁਝ ਕਾਲਜ ਦਾਖਲਾ ਪ੍ਰੀਖਿਆਵਾਂ ਦੇ ਆਧਾਰ 'ਤੇ ਉਮੀਦਵਾਰਾਂ ਦੀ ਚੋਣ ਕਰਦੇ ਹਨ ਜਦਕਿ ਕੁਝ ਉਨ੍ਹਾਂ ਦੇ ਅਕਾਦਮਿਕ ਰਿਕਾਰਡਾਂ ਦੇ ਆਧਾਰ 'ਤੇ ਉਮੀਦਵਾਰਾਂ ਦੀ ਚੋਣ ਕਰਦੇ ਹਨ। ਬਹੁਤ ਸਾਰੀਆਂ ਸੰਸਥਾਵਾਂ ਪੱਤਰਕਾਰੀ ਅਤੇ ਜਨ ਸੰਚਾਰ ਵਿੱਚ 1 ਸਾਲ ਦਾ ਪੀਜੀ ਡਿਪਲੋਮਾ ਕੋਰਸ ਵੀ ਪੇਸ਼ ਕਰਦੀਆਂ ਹਨ। ਇਸ ਪੇਸ਼ੇ ਵਿੱਚ ਉੱਤਮਤਾ ਪ੍ਰਾਪਤ ਕਰਨ ਲਈ, ਤੁਹਾਡੇ ਕੋਲ ਬੇਮਿਸਾਲ ਲਿਖਤੀ ਅਤੇ ਜ਼ੁਬਾਨੀ ਸੰਚਾਰ ਹੁਨਰ ਹੋਣ ਦੀ ਲੋੜ ਹੈ। ਇਸ ਦੇ ਨਾਲ-ਨਾਲ, ਤੁਹਾਨੂੰ ਇੱਕ ਸੁਹਾਵਣਾ ਅਤੇ ਆਤਮ-ਵਿਸ਼ਵਾਸ ਵਾਲੀ ਸ਼ਖਸੀਅਤ ਰੱਖਣੀ ਚਾਹੀਦੀ ਹੈ, ਅਤੇ ਚੁਸਤੀ ਨਾਲ ਕੈਮਰੇ ਦਾ ਸਾਹਮਣਾ ਕਰਨ ਦੇ ਯੋਗ ਹੋਣਾ ਚਾਹੀਦਾ ਹੈ।

ਤੁਹਾਡੀ ਰਿਪੋਰਟਿੰਗ ਨਿਰਪੱਖ ਹੋਣੀ ਚਾਹੀਦੀ ਹੈ ਅਤੇ ਤੁਹਾਨੂੰ ਇਹ ਸਿੱਖਣਾ ਚਾਹੀਦਾ ਹੈ ਕਿ ਰਾਜਨੀਤਿਕ ਪ੍ਰਭਾਵ ਦੇ ਅਧਾਰ 'ਤੇ ਬਿਲਕੁਲ ਕੋਈ ਰਾਏ ਨਹੀਂ ਰੱਖੀ ਗਈ। ਇਸ ਤੋਂ ਇਲਾਵਾ, ਜਨ ਸੰਚਾਰ ਉਮੀਦਵਾਰਾਂ ਨੂੰ ਸਬੰਧਤ ਵਿਸ਼ੇ 'ਤੇ ਪੂਰੀ ਅਤੇ ਵਿਆਪਕ ਖੋਜ ਕਰਨ ਤੋਂ ਬਾਅਦ ਕਿਸੇ ਵੀ ਕਹਾਣੀ ਨੂੰ ਲੈਣ ਅਤੇ ਪ੍ਰਸਾਰਿਤ ਕਰਨ ਦੇ ਯੋਗ ਹੋਣਾ ਚਾਹੀਦਾ ਹੈ। ਵਿਦਿਅਕ ਸੰਸਥਾਵਾਂ ਜਨ ਸੰਚਾਰ ਕੋਰਸਾਂ ਨੂੰ ਅੱਗੇ ਵਧਾਉਣ ਲਈ ਪ੍ਰਮੁੱਖ ਸੰਸਥਾਵਾਂ ਹੇਠ ਲਿਖੇ ਅਨੁਸਾਰ ਹਨ: ਇੰਡੀਅਨ ਇੰਸਟੀਚਿਊਟ ਆਫ ਮਾਸ ਕਮਿਊਨੀਕੇਸ਼ਨ, ਆਈਆਈਐਮਸੀ, ਨਵੀਂ ਦਿੱਲੀ ਏਸ਼ੀਅਨ ਕਾਲਜ ਆਫ਼ ਜਰਨਲਿਜ਼ਮ, ਚੇਨਈ ਜਾਮੀਆ ਮਿਲੀਆ ਇਸਲਾਮੀਆ, ਨਵੀਂ ਦਿੱਲੀ ਵਾਈਐਮਸੀਏ, ਨਵੀਂ ਦਿੱਲੀ ਭਾਰਤੀ ਵਿਦਿਆ ਭਵਨ, ਦਿੱਲੀ ਅਤੇ ਮੁੰਬਈ ਨੌਕਰੀ ਦੀਆਂ ਸੰਭਾਵਨਾਵਾਂ ਵੱਖ-ਵੱਖ ਅਖਬਾਰਾਂ, ਨਿਊਜ਼ ਏਜੰਸੀਆਂ, ਮੈਗਜ਼ੀਨਾਂ, ਵੈੱਬ ਸਾਈਟਾਂ, ਸਰਕਾਰੀ ਅਤੇ ਪ੍ਰਾਈਵੇਟ ਟੀਵੀ ਚੈਨਲ ਪੱਤਰਕਾਰ ਫਾਰਮ ਰਿਪੋਰਟਿੰਗ, ਸੰਪਾਦਨ ਅਤੇ ਕਾਪੀ ਰਾਈਟਿੰਗ ਨੂੰ ਨਿਯੁਕਤ ਕਰਦੇ ਹਨ। ਇਸ ਤੋਂ ਇਲਾਵਾ, ਅੰਤਰਰਾਸ਼ਟਰੀ ਅਖ਼ਬਾਰ ਅਤੇ ਨਿਊਜ਼ ਚੈਨਲ ਵੱਡੀ ਗਿਣਤੀ ਵਿਚ ਖਾਲੀ ਅਸਾਮੀਆਂ ਦੀ ਪੇਸ਼ਕਸ਼ ਕਰਦੇ ਹਨ। ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਵਿੱਚ ਵੀ ਮੌਕੇ ਉਪਲਬਧ ਹਨ। ਮਾਸ ਕਮਿਊਨੀਕੇਸ਼ਨ ਗ੍ਰੈਜੂਏਟ ਵੱਖ-ਵੱਖ ਅਖਬਾਰਾਂ, ਮੈਗਜ਼ੀਨਾਂ, ਨਿਊਜ਼ ਏਜੰਸੀਆਂ, ਨਿਊਜ਼ ਵੈੱਬਸਾਈਟਾਂ, ਸਰਕਾਰੀ ਅਤੇ ਪ੍ਰਾਈਵੇਟ ਨਿਊਜ਼ ਚੈਨਲਾਂ ਅਤੇ ਰੇਡੀਓ ਸਟੇਸ਼ਨਾਂ ਵਿੱਚ ਰੁਜ਼ਗਾਰ ਪ੍ਰਾਪਤ ਕਰ ਸਕਦੇ ਹਨ। ਇਸ ਤੋਂ ਇਲਾਵਾ, ਅੰਤਰਰਾਸ਼ਟਰੀ ਨਿਊਜ਼ ਪੇਪਰ ਅਤੇ ਨਿਊਜ਼ ਚੈਨਲ ਵੱਡੀ ਗਿਣਤੀ ਵਿਚ ਖਾਲੀ ਅਸਾਮੀਆਂ ਦੀ ਪੇਸ਼ਕਸ਼ ਕਰਦੇ ਹਨ। ਇਹ ਅਹੁਦੇ ਰਿਪੋਰਟਿੰਗ, ਸੰਪਾਦਨ, ਉਤਪਾਦਨ, ਐਂਕਰਿੰਗ, ਕਾਪੀ ਰਾਈਟਿੰਗ, ਸਕ੍ਰਿਪਟ ਰਾਈਟਿੰਗ ਅਤੇ ਵੀਡੀਓ ਸ਼ੂਟ ਦੇ ਪ੍ਰੋਫਾਈਲਾਂ ਲਈ ਉਪਲਬਧ ਹਨ।






# ‘ਰਾਸ਼ਟਰੀ ਲਾਜਿਸਟਿਕਸ ਨੀਤੀ’ ’ਤੇ ਜ਼ੋਨਲ ਪੱਧਰੀ ਕਾਨਫਰੰਸ ਕਰਵਾਈ

## ਕੁਦਰਤੀ ਆਫ਼ਤਾਂ ਦੇ ਸੁਚੱਜੇ ਪ੍ਰਬੰਧਨ ਅਤੇ ਅੰਤਰ ਏਜੰਸੀ ਤਾਲਮੇਲ ਸਬੰਧੀ ਮੁੱਦਿਆਂ ਨੂੰ ਪ੍ਰਭਾਵੀ ਢੰਗ ਹੱਲ ਕਰਨ ਦੇ ਹੋਵੇਗੀ ਸਮਰੱਥ ਨਵੀਂ ਨੀਤੀ : ਘਨਸ਼ਿਆਮ ਥੋਰੀ




ਚੰਡੀਗੜ੍ਹ, 6 ਦਸੰਬਰ (ਪੋਸਟ ਬਿਊਰੋ): ਸੂਬੇ ਦੀ ਬਿਹਤਰੀ ਲਈ ਨੀਤੀ ਨੂੰ ਅਪਨਾਉਣ, ਭਾਈਵਾਲਾਂ ਨੂੰ ਜਾਗਰੂਕ ਕਰਨ, ਮੰਤਰਾਲੇ/ਵਿਭਾਗਾਂ ਦੀ ਭੂਮਿਕਾ ਦੀ ਰੂਪਰੇਖਾ ਤਿਆਰ ਕਰਨ ਅਤੇ ਨਿਗਰਾਨੀ ਕਰਨ ਯੋਗ ਮਾਪਦੰਡਾਂ ਨੂੰ ਵਿਕਸਤ ਕਰਨ ਦੇ ਮੱਦੇਨਜ਼ਰ ਅੱਜ ਪੀ.ਐਚ.ਡੀ. ਚੈਂਬਰ ਆਫ਼ ਕਾਮਰਸ ਐਂਡ ਇੰਡਸਟਰੀ, ਚੰਡੀਗੜ੍ਹ ਵਿਖੇ ’ਰਾਸ਼ਟਰੀ ਲਾਜਸਟਿਕ ਨੀਤੀ’ ’ਤੇ ਜ਼ੋਨਲ ਪੱਧਰੀ ਕਾਨਫਰੰਸ ਕਰਵਾਈ ਗਈ। ਪੰਜਾਬ ਦੇ ਖੁਰਾਕ ਅਤੇ ਸਿਵਲ ਸਪਲਾਈਜ਼ ਵਿਭਾਗ ਦੇ ਡਾਇਰੈਕਟਰ ਸ੍ਰੀ ਘਨਸ਼ਿਆਮ ਥੋਰੀ, ਆਈ.ਏ.ਐਸ. ਨੇ ਖੇਤਰੀ ਦਫਤਰ, ਫੂਡ ਕਾਰਪੋਰੇਸ਼ਨ ਆਫ ਇੰਡੀਆ, ਪੰਜਾਬ ਰੀਜਨ ਵੱਲੋਂ ਡੀ.ਐਫ.ਪੀ.ਡੀ., ਡੀ.ਪੀ.ਆਈ.ਆਈ.ਟੀ., ਪੰਜਾਬ ਸਰਕਾਰ ਅਤੇ ਅਤੇ ਕੇਂਦਰੀ ਵੇਅਰਹਾਊਸਿੰਗ ਕਾਰਪੋਰੇਸ਼ਨ(ਸੀ.ਡਬਲਿਊ.ਸੀ.) ਦੇ ਸਹਿਯੋਗ ਨਾਲ ਕਰਵਾਈ ਇਸ ਕਾਨਫਰੰਸ ਦੀ ਪ੍ਰਧਾਨਗੀ ਕੀਤੀ ।

ਰਾਸ਼ਟਰੀ ਲਾਜਿਸਟਿਕਸ ਨੀਤੀ ਦੇ ਵਿਆਪਕ ਦ੍ਰਿਸ਼ਟੀਕੋਣ ਬਾਰੇ ਡੂੰਘਾਈ ਨਾਲ ਜਾਣਕਾਰੀ ਦਿੰਦੇ ਹੋਏ, ਸ੍ਰੀ ਘਨਸ਼ਿਆਮ ਥੋਰੀ ਨੇ ਇਹ ਵੀ ਸਪਸ਼ਟ ਕੀਤਾ ਕਿ ਕਿਸ ਤਰ੍ਹਾਂ ਪੇਸ਼ ਕੀਤੀ ਨਵੀਂ ਨੀਤੀ ਕੁਦਰਤੀ ਆਫ਼ਤਾਂ ਦੇ ਸੁਚੱਜੇ ਪ੍ਰਬੰਧਨ ਅਤੇ ਅੰਤਰ-ਏਜੰਸੀ ਤਾਲਮੇਲ ਸੰਬੰਧੀ ਮੁੱਦਿਆਂ ਨੂੰ ਬਿਹਤਰ ਢੰਗ ਨਾਲ ਨਜਿੱਠਣ ਲਈ ਕਾਰਗਰ ਤੇ ਪ੍ਰਭਾਵੀ ਸਿੱਧ ਹੋ ਸਕਦੀ ਹੈ। ਉਨ੍ਹਾਂ ਨੇ ਇਸ ਸਬੰਧ ਵਿੱਚ ਅੱਗੇ ਦੱਸਿਆ ਕਿ ਕਿਵੇਂ ਇਹ ਨੀਤੀ ਨਾ ਸਿਰਫ਼ ਨਿੱਜੀ ਖੇਤਰ ਲਈ ਲਾਹੇਵੰਦ ਹੋਵੇਗੀ, ਸਗੋਂ ਰਾਸ਼ਟਰੀ ਸੁਰੱਖਿਆ ਢਾਂਚੇ ਨੂੰ ਮਜ਼ਬੂਤ ਕਰਨ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾਏਗੀ।

ਡਾਇਰੈਕਟਰ (ਸਟੋਰੇਜ), ਡੀ.ਐਫ.ਪੀ.ਡੀ.,ਮਾਤੇਸ਼ਵਰੀ ਪੀ. ਮਿਸ਼ਰਾ, ਨੇ ਰਾਸ਼ਟਰੀ ਲਾਜਿਸਟਿਕਸ ਨੀਤੀ ਨੂੰ ਮਜ਼ਬੂਤ ਕਰਨ, ਸਿਲੋ ਅਤੇ ਗਤੀ ਸ਼ਕਤੀ ਟਰਮੀਨਲ ਬਣਾਉਣ ਅਤੇ ਆਵਾਜਾਈ ਦੀ ਕੁੱਲ ਲਾਗਤ ਨੂੰ ਘਟਾਉਣ ਲਈ ਡੀਐਫਪੀਡੀ ਦੁਆਰਾ ਕੀਤੀਆਂ ਪਹਿਲਕਦਮੀਆਂ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ।

ਡਾਇਰੈਕਟਰ, ਡੀ.ਪੀ.ਆਈ.ਆਈ.ਟੀ., ਸ੍ਰੀ ਅਰਵਿੰਦ ਪਾਂਡੇ ਨੇ ਵਿਆਪਕ ਲਾਜਸਟਿਕ ਐਕਸ਼ਨ ਪਲਾਨ ਅਤੇ ਇਸ ਨੂੰ ਲਾਗੂ ਕਰਨ ਸਬੰਧੀ ਵੱਖ-ਵੱਖ ਪੜਾਵਾਂ ਬਾਰੇ ਦੱਸਿਆ। ਉਨ੍ਹਾਂ ਅੱਗੇ ਵੱਖ-ਵੱਖ ਰਾਜਾਂ ਵਿੱਚ ਲਾਜਿਸਟਿਕ ਈਜ਼ ਦੇ ਅੰਕੜੇ ਸਾਂਝੇ ਕਰਦੇ ਹੋਏ ਕਿਹਾ ਕਿ, ਪੰਜਾਬ, ਆਂਧਰਾ ਪ੍ਰਦੇਸ਼, ਅਸਾਮ, ਚੰਡੀਗੜ੍ਹ, ਦਿੱਲੀ, ਗੁਜਰਾਤ ਅਤੇ ਹਰਿਆਣਾ ਵੀ ਪ੍ਰਾਪਤੀਆਂ ਵਿੱਚ ਸ਼ਾਮਲ ਹਨ।

ਜਨਰਲ ਮੈਨੇਜਰ, ਸੀ.ਡਬਲਿਊ.ਸੀ., ਪੀ. ਕੇ. ਸਾਅ ਨੇ 2024-25 ਤੱਕ 112.50 ਲੱਖ ਵਰਗ ਫੁੱਟ ਦੀ ਵੇਅਰਹਾਊਸਿੰਗ ਸਮਰੱਥਾ ਵਧਾਉਣ ਬਾਰੇ ਜਾਣਕਾਰੀ ਦਿੱਤੀ , ਜੋ ਕਿ ਲਾਜਸਟਿਕਸ ਪ੍ਰਬੰਧਨ ਲਈ ਆਧੁਨਿਕ ਤਕਨਾਲੋਜੀ ਦੀ ਵਰਤੋਂ ਕਰੇਗਾ। ਉਹਨਾਂ ਨੇ ਦੇਸ਼ ਭਰ ਵਿੱਚ 35 ਥਾਵਾਂ ’ਤੇ ਲਾਗੂ ਕੀਤੇ ਜਾਣ ਵਾਲੇ ਮਲਟੀ-ਮਾਡਲ ਲਾਜਿਸਟਿਕ ਪ੍ਰੋਗਰਾਮ ਵਰਗੀਆਂ ਪਹਿਲਕਦਮੀਆਂ ਬਾਰੇ ਵੀ ਚਾਨਣਾ ਪਾਇਆ ਅਤੇ ਵੱਖ-ਵੱਖ ਸਟੋਰੇਜ ਸਮਰੱਥਾ ਜਿਵੇਂ ਕਿ ਕੋਲਡ ਸਟੋਰੇਜ ਆਦਿ ਨਾਲ ਵੇਅਰਹਾਊਸਿੰਗ ਨੈੱਟਵਰਕ ਦਾ ਵਿਸਥਾਰ ਕਰਨ ਸਬੰਧੀ ਸੀ.ਡਬਲਿਊ.ਸੀ. ਦੀਆਂ ਯੋਜਨਾਵਾਂ ਬਾਰੇ ਵੀ ਜਾਣੂ ਕਰਵਾਇਆ।

ਅਸੀਮ ਛਾਬੜਾ, ਜੀ.ਐਮ. (ਸੀਲੋ), ਐਫ.ਸੀ.ਆਈ. ਹੈੱਡਕੁਆਰਟਰ ਨੇ ਦੇਸ਼ ਭਰ ਵਿੱਚ 249 ਸਥਾਨਾਂ ’ਤੇ 111.125 ਲੱਖ ਮੀਟ੍ਰਿਕ ਟਨ ਸਮਰੱਥਾ ਲਈ ਸੀਲੋ ਐਂਡ ਹੱਬ ਐਂਡ ਸਪੋਕ ਮਾਡਲ ਸਮੇਤ ਵੇਅਰਹਾਊਸਿੰਗ ਦੇ ਵੱਖ-ਵੱਖ ਪਹਿਲੂਆਂ ਦਾ ਜ਼ਿਕਰ ਕੀਤਾ, ਜੋ ਰੇਲ ਲਿੰਕਡ ਹੱਬ ਸਿਲੋਜ਼ ਨਾਲ ਜੁੜੇ ਖ਼ਪਤ ਅਤੇ ਖਰੀਦ ਵਾਲੇ ਖੇਤਰ ਲਈ ਵਿਕਸਤ ਕੀਤੇ ਜਾਣ ਵਾਲੇ ਸਟੈਂਡਅਲੋਨ ਸਪੋਕ ਸਿਲੋਜ਼ ਦਾ ਇੱਕ ਨੈਟਵਰਕ ਹੋਵੇਗਾ।

ਰਾਜ ਵਣਜ ਵਿਭਾਗ ਹਰਿਆਣਾ ਦੇ ਸਲਾਹਕਾਰ ਅਖਿਲ ਗੁਪਤਾ ਨੇ ਆਪਣੀ ਪੇਸ਼ਕਾਰੀ ਰਾਹੀਂ ਹਰਿਆਣਾ ਲਾਜਿਸਟਿਕਸ, ਵੇਅਰਹਾਊਸਿੰਗ ਅਤੇ ਰਿਟੇਲ ਨੀਤੀ ਅਤੇ ਹਰਿਆਣਾ ਨੂੰ ਇੱਕ ਗਲੋਬਲ ਲਾਜਿਸਟਿਕਸ, ਵੇਅਰਹਾਊਸਿੰਗ ਅਤੇ ਰਿਟੇਲ ਹੱਬ ਬਣਾਉਣ ਸਬੰਧੀ ਉਹਨਾਂ ਦੇ ਮਿਸ਼ਨ ਬਾਰੇ ਚਾਨਣਾ ਪਾਇਆ।

ਪੰਜਾਬ ਰਾਜ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਨੁਮਾਇੰਦੇ ਨੇ ਪੰਜਾਬ ਵਿੱਚ ਪ੍ਰਧਾਨ ਮੰਤਰੀ ਗਤੀ-ਸ਼ਕਤੀ ਅਧੀਨ ਰਾਜ ਪੱਧਰੀ ਸੰਸਥਾਗਤ ਢਾਂਚੇ (ਐਸ.ਐਲ.ਆਈ.ਐਫ.) ਬਾਰੇ ਚਰਚਾ ਕੀਤੀ। ਉਹਨਾਂ ਦੱਸਿਆ ਕਿ ਪੰਜਾਬ ਨੂੰ 2018 ਤੋਂ 2021 ਤੱਕ ਦੇ ਸਾਰੇ ਐਲ.ਈ.ਏ.ਡੀ.ਐਸ. (ਲੀਡਜ਼) ਸਰਵੇਖਣਾਂ ਵਿੱਚ ਤੀਜਾ ਰੈਂਕ ਦਿੱਤਾ ਗਿਆ ਹੈ।

ਮਿਸ ਭਾਵਨਾ ਜੈਨ, ਡੀ.ਓ.ਐਮ., ਡੀ,ਆਰ.ਐਮ. ਅਫਸਰ, ਦਿੱਲੀ ਨੇ ਆਪਣੀ ਪੇਸ਼ਕਾਰੀ ਜ਼ਰੀਏ 2031 ਤੱਕ ਮਾਲ ਢੋਆ-ਢੁਆਈ ਵਿੱਚ 45 ਫ਼ੀਸਦੀ ਮਾਡਲ ਸ਼ੇਅਰ ਪ੍ਰਾਪਤ ਕਰਨ ਬਾਰੇ ਆਪਣੇ ਦ੍ਰਿਸ਼ਟੀਕੋਣ ਨੂੰ ਸਾਂਝਾ ਕੀਤਾ।ਕਾਨਫਰੰਸ ਉਪਰੰਤ ਭਾਗ ਲੈਣ ਵਾਲੇ ਸਾਰੇ ਵਿਭਾਗਾਂ ਵਿਚਕਾਰ ਪੈਨਲ ਚਰਚਾ ਕੀਤੀ ਗਈ ਅਤੇ ਅੰਤ ਵਿੱਚ ਸਵਾਲ-ਜਵਾਬ ਦਾ ਸੈਸ਼ਨ ਵੀ ਕਰਵਾਇਆ ਗਿਆ।

ਡਾਇਰੈਕਟਰ ਸਟੋਰੇਜ਼, ਡੀ.ਐਫ.ਪੀ.ਡੀ., ਮਾਤੇਸ਼ਵਰੀ ਪੀ. ਮਿਸ਼ਰਾ ਨੇ ਧੰਨਵਾਦ ਕਰਦਿਆਂ ਪ੍ਰੋਗਰਾਮ ਦੀ ਸਮਾਪਤੀ ਕੀਤੀ।

# ਫ਼ਾਜ਼ਿਲਕਾ ਬੱਸ ਸਟੈਂਡ ਦਾ ਰੇੜਕਾ ਖ਼ਤਮ ਹੋਣ ਵੱਲ ਵਧਿਆ ਕਦਮ

## ਲਾਲਜੀਤ ਸਿੰਘ ਭੁੱਲਰ ਵੱਲੋਂ ਬੱਸ ਸਟੈਂਡ ਟਰਾਂਸਪੋਰਟ ਵਿਭਾਗ ਨੂੰ ਤਬਦੀਲ ਕਰਨ ਸਬੰਧੀ ਕਾਰਵਾਈ ਅਰੰਭਣ ਦੀ ਹਦਾਇਤ ਟਰਾਂਸਪੋਰਟ ਮੰਤਰੀ ਵੱਲੋਂ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਦੋਵਾਂ ਥਾਵਾਂ ਦੀਆਂ ਕੀਮਤਾਂ ਤੁਰੰਤ ਤੈਅ ਕਰਨ ਦੇ ਨਿਰਦੇਸ਼



ਚੰਡੀਗੜ੍ਹ, 6 ਦਸੰਬਰ (ਪੋਸਟ ਬਿਊਰੋ): ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਫ਼ਾਜ਼ਿਲਕਾ ਦੇ ਨਵੇਂ ਬੱਸ ਸਟੈਂਡ ਨੂੰ ਛੇਤੀ ਤੋਂ ਛੇਤੀ ਸੁਚਾਰੂ ਢੰਗ ਨਾਲ ਚਲਾਉਣ ਦਾ ਹੱਲ ਕੱਢਦਿਆਂ ਇਸ ਨੂੰ ਟਰਾਂਸਪੋਰਟ ਵਿਭਾਗ ਨੂੰ ਤਬਦੀਲ ਕਰਨ ਲਈ ਚਾਰਾਜੋਈ ਅਰੰਭਣ ਦੀ ਹਦਾਇਤ ਕੀਤੀ ਹੈ।

ਲੰਮੇ ਸਮੇਂ ਤੋਂ ਖ਼ਸਤਾ ਹਾਲਤ ਵੱਲ ਵਧ ਰਹੇ ਨਵੇਂ ਬੱਸ ਸਟੈਂਡ ਨੂੰ ਚਲਾਉਣ ਸਬੰਧੀ ਪੰਜਾਬ ਸਿਵਲ ਸਕੱਤਰੇਤ ਵਿਖੇ ਟਰਾਂਸਪੋਰਟ ਤੇ ਸਥਾਨਕ ਸਰਕਾਰਾਂ ਵਿਭਾਗਾਂ ਸਣੇ ਫ਼ਾਜ਼ਿਲਕਾ ਜ਼ਿਲ੍ਹਾ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਨਾਲ ਅਹਿਮ ਮੀਟਿੰਗ ਦੌਰਾਨ ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਲੋਕਾਂ ਦੇ ਪੈਸੇ ਨੂੰ ਇਸ ਤਰ੍ਹਾਂ ਬਰਬਾਦ ਨਹੀਂ ਹੋਣ ਦੇਵੇਗੀ।

ਮੀਟਿੰਗ ਦੌਰਾਨ ਫ਼ੈਸਲਾ ਲਿਆ ਗਿਆ ਕਿ ਸਥਾਨਕ ਸਰਕਾਰਾਂ ਵਿਭਾਗ ਵੱਲੋਂ ਨਵੇਂ ਬੱਸ ਸਟੈਂਡ ਅਤੇ ਟਰਾਂਸਪੋਰਟ ਵਿਭਾਗ ਵੱਲੋਂ ਪੁਰਾਣੇ ਬੱਸ ਸਟੈਂਡ ਦੀ ਮਲਕੀਅਤ ਇੱਕ-ਦੂਜੇ ਨੂੰ ਤਬਦੀਲ ਕੀਤੀ ਜਾਵੇਗੀ। ਮੰਤਰੀ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਛੇਤੀ ਤੋਂ ਛੇਤੀ ਥਾਂ ਤਬਦੀਲ ਕਰਨ ਬਾਰੇ ਚਾਰਾਜੋਈ ਕਰਨ ਅਤੇ ਵੱਧ ਕੀਮਤ ਦੂਜੇ ਵਿਭਾਗ ਨੂੰ ਤੁਰੰਤ ਟਰਾਂਸਫ਼ਰ ਕਰਕੇ ਇਸ ਮਾਮਲੇ ਦਾ ਨਿਪਟਾਰਾ ਕੀਤਾ ਜਾਵੇ।

ਟਰਾਂਸਪੋਰਟ ਮੰਤਰੀ ਨੇ ਕਿਹਾ ਕਿ ਬੱਸਾਂ ਦੇ ਨਵੇਂ ਬੱਸ ਅੱਡੇ ਵਿੱਚ ਤਬਦੀਲ ਹੋਣ ਨਾਲ ਸ਼ਹਿਰ ਵਿੱਚ ਟ੍ਰੈਫ਼ਿਕ ਦੀ ਸਮੱਸਿਆ ਹੱਲ ਹੋ ਜਾਵੇਗੀ ਅਤੇ ਸ਼ਹਿਰ ਵਾਸੀ ਬਿਹਤਰ ਸਫ਼ਰ ਸਹੂਲਤਾਂ ਦਾ ਫ਼ਾਇਦਾ ਲੈ ਸਕਣਗੇ।

ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਟਰਾਂਸਪੋਰਟ ਵਿਭਾਗ ਨੂੰ ਬੱਸ ਸਟੈਂਡ ਤਬਦੀਲ ਕਰਨ ਪਿੱਛੋਂ ਅਗਲੇ ਪੜਾਅ ਦੌਰਾਨ ਉਥੇ ਲੋੜੀਂਦੀਆਂ ਸਹੂਲਤਾਂ ਜਿਵੇਂ ਬੱਸਾਂ ਲਈ ਵਰਕਸ਼ਾਪ ਅਤੇ ਡੀਜ਼ਲ ਪੰਪ ਲਗਾਉਣ ਦੀ ਯੋਜਨਾ ਵੀ ਉਲੀਕੀ ਜਾਵੇਗੀ।

# ਮਾਨ ਸਰਕਾਰ ਸੂਬੇ ਦੇ ਲੋਕਾਂ ਦੀਆਂ ਸਮੱਸਿਆਵਾਂ ਤੇ ਸ਼ਿਕਾਇਤਾਂ ਦਾ ਹੱਲ ਕਰਨ ਲਈ ਹਰ ਸਮੇਂ ਤਿਆਰ : ਕੁਲਦੀਪ ਸਿੰਘ ਧਾਲੀਵਾਲ

## ‘ਜਨਤਾ ਦਰਬਾਰ’ ਲਾ ਕੇ ਖੇਤੀਬਾੜੀ, ਪੇਂਡੂ ਵਿਕਾਸ ਤੇ ਪੰਚਾਇਤਾਂ ਅਤੇ ਪ੍ਰਵਾਸੀ ਭਾਰਤੀ ਮਾਮਲੇ ਵਿਭਾਗਾਂ ਨਾਲ ਸਬੰਧਤ ਸੂਬਾ ਵਾਸੀਆਂ ਦੀਆਂ ਸ਼ਿਕਾਇਤਾਂ ਸੁਣੀਆਂ



ਚੰਡੀਗੜ੍ਹ, 6 ਦਸੰਬਰ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬਾ ਵਾਸੀਆਂ ਦੀਆਂ ਸਮੱਸਿਆਵਾਂ ਤੇ ਸ਼ਿਕਾਇਤਾਂ ਦਾ ਹੱਲ ਕਰਨ ਲਈ ਹਰ ਸਮੇਂ ਤਿਆਰ ਹੈ ਅਤੇ ਇਹ ਹੱਲ ਨਿਰਧਾਰਤ ਸਮਾਂ ਸੀਮਾਂ ‘ਚ ਕੀਤੇ ਜਾਣੇ ਯਕੀਨੀ ਬਣਾਏ ਜਾਣਗੇ।

ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ, ਪੇਂਡੂ ਵਿਕਾਸ ਤੇ ਪੰਚਾਇਤਾਂ ਅਤੇ ਪ੍ਰਵਾਸੀ ਭਾਰਤੀ ਮਾਮਲਿਆਂ ਨਾਲ ਸਬੰਧਤ ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ ਨੇ ਅੱਜ ‘ਜਨਤਾ ਦਰਬਾਰ’ ਲਾ ਕੇ ਆਪਣੇ ਵਿਭਾਗਾਂ ਨਾਲ ਸਬੰਧਤ ਪੰਜਾਬ ਦੇ ਵੱਖ-ਵੱਖ ਹਿੱਸਿਆਂ ਵਿੱਚੋਂ ਆਏ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਮੌਕੇ ‘ਤੇ ਹੀ ਵਿਭਾਗੀ ਅਧਿਕਾਰੀਆਂ ਨੂੰ ਸ਼ਿਕਾਇਤਾਂ ਦਾ ਹੱਲ ਕਰਨ ਦੇ ਆਦੇਸ਼ ਵੀ ਦਿੱਤੇ।

ਜ਼ਿਕਰਯੋਗ ਹੈ ਕਿ ਧਾਲੀਵਾਲ ਨੇ ਵਿਕਾਸ ਭਵਨ ਐਸ.ਏ.ਐਸ. ਨਗਰ (ਮੁਹਾਲੀ) ਵਿਖੇ ਲਾਏ ‘ਜਨਤਾ ਦਰਬਾਰ’ ਵਿੱਚ 100 ਤੋਂ ਵੱਧ ਸ਼ਿਕਾਇਤਾਂ ਸੁਣੀਆਂ ਅਤੇ ਇਨ੍ਹਾਂ ਦੇ ਹੱਲ ਲਈ ਜ਼ਿਲ੍ਹਾ ਤੇ ਸੂਬਾ ਅਧਿਕਾਰੀਆਂ ਨੂੰ ਆਦੇਸ਼ ਵੀ ਦਿੱਤੇ। ਉਨ੍ਹਾਂ ਜ਼ਿਲ੍ਹੇ ਨਾਲ ਸਬੰਧਤ ਅਧਿਕਾਰੀਆਂ ਨੂੰ ਸਬੰਧਤ ਸ਼ਿਕਾਇਤਾਂ ਸਬੰਧੀ ਫੋਨ ਕਰਕੇ ਹੱਲ ਕਰਨ ਦੇ ਆਦੇਸ਼ ਵੀ ਦਿੱਤੇ। ਧਾਲੀਵਾਲ ਨੇ ਹਰੇਕ ਮੰਗਲਵਾਰ ਸਵੇਰੇ 10:30 ਤੋਂ ਸ਼ਾਮ 4:30 ਵਜੇ ਤੱਕ ਵਿਕਾਸ ਭਵਨ ਐਸ.ਏ.ਐਸ. ਨਗਰ (ਮੁਹਾਲੀ) ਵਿਖੇ ‘ਜਨਤਾ ਦਰਬਾਰ’ ਲਾਉਣ ਦਾ ਐਲਾਨ ਵੀ ਕੀਤਾ।

# ਕੇਸ ਦਰਜ ਕਰਨ ਬਦਲੇ 10 ਹਜ਼ਾਰ ਰੁਪਏ ਦੀ ਰਿਸ਼ਵਤ ਲੈਂਦਾ ਏ.ਐਸ.ਆਈ. ਰੰਗੇ ਹੱਥੀਂ ਕਾਬੂ

ਚੰਡੀਗੜ੍ਹ, 6 ਦਸੰਬਰ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਨਿਰਦੇਸ਼ਾਂ ਤਹਿਤ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਅੱਜ ਇੱਕ ਸਹਾਇਕ ਸਬ ਇੰਸਪੈਕਟਰ (ਏ.ਐਸ.ਆਈ.) ਸੁਰਿੰਦਰ ਸਿੰਘ ਨੂੰ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਥਾਣਾ ਸਦਰ ਪਠਾਨਕੋਟ ਵਿਖੇ ਤਾਇਨਾਤ ਮੁਲਜ਼ਮ ਏ.ਐਸ.ਆਈ. ਸੁਰਿੰਦਰ ਸਿੰਘ (ਨੰ. 128/ਪਠਾਨਕੋਟ) ਨੂੰ ਮਹਾਂਬੀਰ ਸਿੰਘ ਵਾਸੀ ਪਿੰਡ ਸਮਰਾਲਾ, ਜ਼ਿਲ੍ਹਾ ਪਠਾਨਕੋਟ ਦੀ ਸ਼ਿਕਾਇਤ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ ਸਬੰਧੀ ਹੋਰ ਵੇਰਵੇ ਦਿੰਦਿਆਂ ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚਕੇ ਦੋਸ਼ ਲਾਇਆ ਕਿ ਉਕਤ ਪੁਲਿਸ ਮੁਲਾਜ਼ਮ ਉਸ ਦੀ ਪਤਨੀ ਤੇ ਪੁੱਤਰ ਦੀਆਂ ਡਾਕਟਰੀ ਰਿਪੋਰਟਾਂ ਦੇ ਅਧਾਰ ਤੇ ਪੁਲਿਸ ਕੇਸ ਦਰਜ ਕਰਨ ਬਦਲੇ 50,000 ਰੁਪਏ ਰਿਸ਼ਵਤ ਦੀ ਮੰਗ ਕਰ ਰਿਹਾ ਹੈ। ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਪੜਤਾਲ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਅਤੇ ਉਕਤ ਪੁਲਿਸ ਮੁਲਾਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਪਹਿਲੀ ਕਿਸ਼ਤ ਵਜੋਂ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ।

# ਪੰਜਾਬੀ ਪੋਸਟ CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202



## Matrimonial ਰਿਸ਼ਤੇ ਹੀ ਰਿਸ਼ਤੇ

Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ ’ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5’11’’ ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9’’, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਸਰਾ ਪਰਿਵਾਰ ਦਾ ਲੜਕਾ, ਉਮਰ 33 ਸਾਲ, ਕੱਦ 5 ਫੁੱਟ 10 ਇੰਚ, ਬੀਬੀਏ ਕੀਤੀ ਹੋਈ ਹੈ, ਵਰਤਮਾਨ ਵਿਚ ਭਾਰਤ ਵਿਚ ਬਿਜ਼ਨਸ ਕਰ ਰਿਹਾ ਹੈ ਤੇ ਭਵਿੱਖ ਵਿਚ ਕੈਨੇਡਾ ਵਿਚ ਟਰਾਂਸਪੋਰਟੇਸ਼ਨ ਦਾ ਬਿਜ਼ਨਸ ਖੋਲ੍ਹਣ ਜਾ ਰਿਹਾ ਹੈ, ਲਈ ਸੁੰਦਰ ਸੁਸ਼ੀਲ ਲੜਕੀ ਦੀ ਲੋੜ ਹੈ। ਸੰਪਰਕ: 437-332-8422, ਈ ਮੇਲ puneetasra17october@gmail.com

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5’’8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2’’ ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂMBA ਅਤੇ ਕੈਨੇਡਾ ਤੋਂMarketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ ’ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com












## ਪਲਾਟ ਵਿਕਾਊ

ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਨਜ਼ਦੀਕ ਪਲਾਟ ਵਿਕਾਊ ਹੈ। GT Road ਤੋਂ ਸਿਰਫ 400 ਮੀਟਰ ਦੂਰੀ ’ਤੇ। ਸ੍ਰੀ ਗੁਰੂ ਤੇਗ ਬਹਾਦਰ ਨਗਰ ਵਿਚ 10 ਮਰਲੇ ਦਾ ਪਲਾਟ ਵਿਕਾਊ ਹੈ।। ਖੁੱਲ੍ਹੀਆਂ ਸੜਕਾਂ ਪਾਰਕ ਆਦਿ ਦੀ ਸਹੂਲਤ।

ਫੋਨ ਨੰਬਰ 917837596119
647-760-2769

## ਕੇਅਰ ਗਿਵਰ ਦੀ ਲੋੜ



ਬਜ਼ੁਰਗ ਔਰਤ ਨੂੰ ਸੰਭਾਲਣ ਲਈ ਕੇਅਰ ਗਿਵਰ ਦੀ ਲੋੜ ਹੈ। ਵਧੀਆ ਤਨਖਾਹ ਦਿੱਤੀ ਜਾਵੇਗੀ। **‘PR’** ਲਈ ਮੱਦਦ ਕੀਤੀ ਜਾਵੇਗੀ। Location ‘Winnipeg, MB’ ਜ਼ਿਆਦਾ ਜਾਣਕਾਰੀ ਲਈ ਸੰਪਰਕ ਕਰੋ:

**204-333-9000, 416-818-3777**

## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।




# ਪੰਚਾਇਤ ਸਕੱਤਰਾਂ ਦੀਆਂ ਜਾਇਜ਼ ਮੰਗਾਂ ਦਾ ਛੇਤੀ ਹੱਲ ਕਰਾਂਗੇ : ਕੁਲਦੀਪ ਸਿੰਘ ਧਾਲੀਵਾਲ

## ਮੰਗਾਂ ਸਬੰਧੀ ਵਿਸ਼ੇਸ਼ ਕਮੇਟੀ ਦਾ ਕੀਤਾ ਗਠਨ



ਚੰਡੀਗੜ੍ਹ, 6 ਦਸੰਬਰ (ਪੋਸਟ ਬਿਊਰੋ): ਪੰਜਾਬ ਸਰਕਾਰ ਪੰਚ-ਾਇਤ ਸਕੱਤਰਾਂ ਦੀਆਂ ਜਾਇਜ਼ ਮੰਗਾਂ ਦਾ ਛੇਤੀ ਹੱਲ ਕਰੇਗੀ ਅਤੇ ਇਸ ਸਬੰਧੀ ਇੱਕ ਵਿਸ਼ੇਸ਼ ਕਮੇਟੀ ਦਾ ਗਠਨ ਕੀਤਾ ਗਿਆ ਹੈ।

ਅੱਜ ਇੱਥੇ ਪੰਚਾਇਤ ਸਕੱਤਰਾਂ ਦੀਆਂ ਜਥੇਬੰਦੀਆਂ ਦੇ ਮੈਂਬਰਾਂ ਨਾਲ ਮੁਲਾਕਾਤ ਕਰਨ ਮਗਰੋਂ ਪੰਜਾਬ ਦੇ ਪੇਂਡੂ ਵਿਕਾਸ ਦੇ ਪੰਚਾਇਤ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਦੱਸਿਆ ਕਿ ਜਥੇਬੰਦੀ ਦੇ ਮੈਂਬਰਾਂ ਨੇ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਹੈ ਕਿ ਪੰਚਾਇਤ ਸਕੱਤਰਾਂ ਨੂੰ ਆਪਣੇ ਵਿਭਾਗ ਤੋਂ ਇਲਾਵਾ ਹੋਰਨਾਂ ਵਿਭਾਗਾਂ ਦੇ ਕੰਮ ਵੀ ਸੌਂਪੇ ਜਾਂਦੇ ਹਨ, ਜਿਸ ਕਾਰਨ ਪੰਚਾਇਤ ਵਿਭਾਗ ਦਾ ਕੰਮ ਪ੍ਰਭਾਵਿਤ ਹੁੰਦਾ ਹੈ। ਉਨ੍ਹਾਂ ਕਿਹਾ ਕਿ ਪੰਚਾਇਤ ਸਕੱਤਰਾਂ ਨੂੰ, ਗਰਾਮ ਸੇਵਕਾਂ ਦੀ ਤਰਜ਼ 'ਤੇ ਤਨਖਾਹ ਦੇਣ ਅਤੇ ਇੱਕੋ ਕਾਡਰ ਬਣਾਉਣ ਲਈ ਸੇਵਾ ਨਿਯਮਾਂ 'ਚ ਸੋਧ ਕਰਨ ਸਮੇਤ ਹੋਰ ਸਾਰੇ ਮੁੱਦਿਆਂ ਨੂੰ ਹੋਰਨਾਂ ਸੂਬਿਆਂ ਦੀ ਤਰਜ਼ 'ਤੇ ਵਿਚਾਰਿਆ ਜਾਵੇਗਾ।

ਧਾਲੀਵਾਲ ਨੇ ਕਿਹਾ ਕਿ ਡਾਇਰੈਕਟਰ ਪੇਂਡੂ ਵਿਕਾਸ ਤੇ ਪੰਚਾਇਤਾਂ ਗੁਰਪ੍ਰੀਤ ਸਿੰਘ ਖਹਿਰਾ ਦੀ ਅਗਵਾਈ ਵਿੱਚ ਡਿਪਟੀ ਸਕੱਤਰ ਹਰਕੰਵਲਜੀਤ ਸਿੰਘ, ਡਿਪਟੀ ਡਾਇਰੈਕਟਰ ਜੋਗਿੰਦਰਜੀਤ ਸਿੰਘ, ਡੀ.ਡੀ.ਪੀ.ਓ. ਹਰਮਨਦੀਪ ਸਿੰਘ, ਲਾਅ ਅਫ਼ਸਰ ਕੰਵਲਜੀਤ ਸਿੰਘ, ਡੀ.ਸੀ.ਐਫ.ਏ. ਪਲਮਿੰਦਰ ਸਿੰਘ ਗਿੱਲ ਅਤੇ ਪੰਚਾਇਤ ਸਕੱਤਰ ਮੰਗਲ ਸਿੰਘ, ਭੁਪਿੰਦਰ ਸਿੰਘ, ਕੁਲ-ਵੰਤ ਸਿੰਘ, ਵਰਿੰਦਰ ਕਮਾਰ ਅਤੇ ਗੁਰਪ੍ਰੀਤ ਸਿੰਘ ਆਦਿ ਵਿਸ਼ੇਸ਼ ਕਮੇਟੀ ਦਾ ਗਠਨ ਕੀਤਾ ਗਿਆ ਹੈ ਜੋ ਕਿ ਪੰਚਾਇਤ ਸਕੱਤਰਾਂ ਦੀਆਂ ਸਰਵਿਸ ਰੂਲਾਂ ਨਾਲ ਸਬੰਧਤ ਮੰਗਾਂ ਨੂੰ ਵਿਚਾਰੇਗੀ ਤੇ ਉਨ੍ਹਾਂ ਦਾ ਹੱਲ ਤਲਾਸ਼ੇਗੀ।

ਵਰਣਨਯੋਗ ਹੈ ਕਿ ਪੰਚਾਇਤ ਸਕੱਤਰ ਜਥੇਬੰਦੀ ਦੇ ਮੈਂਬਰਾਂ ਨੇ ਪੰਚਾਇਤ ਮੰਤਰੀ ਦਾ ਧੰਨਵਾਦ ਕਰਦਿਆਂ ਆਪਣੀ ਹੜਤਾਲ ਖਤਮ ਕਰ ਦਿੱਤੀ ਹੈ ਅਤੇ ਗਰਾਮ ਸਭਾਵਾਂ 'ਚ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਹੈ। ਇਸ ਮੌਕੇ ਜਥੇਬੰਦੀ ਦੇ ਨੁਮਾਇੰਦੇ ਜਗਮੋਹਣ ਸਿੰਘ ਕੰਗ, ਜਸਪਾਲ ਸਿੰਘ ਬਾਠ, ਨਿਸ਼ਾਨ ਸਿੰਘ, ਜਤਿੰਦਰ ਸਿੰਘ ਆਦਿ ਵੀ ਹਾਜ਼ਰ ਸਨ ।

# ਮੁੱਖ ਮੰਤਰੀ ਵੱਲੋਂ ਸੂਬੇ ਵਿੱਚ 20 ਸਮਰਪਿਤ ਪੇਂਡੂ ਉਦਯੋਗਿਕ ਹੱਬ ਸਥਾਪਤ ਕਰਨ ਦਾ ਐਲਾਨ

**ਰਾਜ ਵਿੱਚ ਉਦਯੋਗਿਕ ਵਿਕਾਸ ਤੇ ਰੋਜ਼ਗਾਰ ਨੂੰ ਵੱਡਾ ਹੁਲਾਰਾ ਦੇਣ ਦੇ ਉਦੇਸ਼ ਨਾਲ ਚੁੱਕਿਆ ਕਦਮ * ਨਿਵੇਸ਼ਕਾਂ ਦੀ ਸਹੂਲਤ ਲਈ ਰਾਜ ਵਿੱਚ ਸਿੰਗਲ ਵਿੰਡੋ ਸਿਸਟਮ ਨੂੰ ਹੋਰ ਮਜ਼ਬੂਤ**

ਚੰਡੀਗੜ੍ਹ, 6 ਦਸੰਬਰ (ਪੋਸਟ ਬਿਊਰੋ): ਸੂਬੇ ਵਿੱਚ ਖਾਸ ਕਰਕੇ ਪੇਂਡੂ ਖੇਤਰਾਂ ਵਿੱਚ ਉਦਯੋਗਿਕ ਵਿਕਾਸ ਨੂੰ ਵੱਡਾ ਹੁਲਾਰਾ ਦੇਣ ਅਤੇ ਨੌਜਵਾਨਾਂ ਲਈ ਰੋਜ਼ਗਾਰ ਪੈਦਾ ਕਰਨ ਦੇ ਉਦੇਸ਼ ਨਾਲ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਰਾਜ ਭਰ ਵਿੱਚ 20 ਸਮਰਪਿਤ ਪੇਂਡੂ ਉਦਯੋਗਿਕ ਹੱਬ ਸਥਾਪਤ ਕਰਨ ਦਾ ਐਲਾਨ ਕੀਤਾ ਹੈ।

ਉਦਯੋਗਿਕ ਨੀਤੀ ਦੇ ਖਰੜੇ ਬਾਰੇ ਵਿਚਾਰ ਜਾਣਨ ਲਈ ਇੱਥੇ ਪੰਜਾਬ ਸਿਵਲ ਸਕੱਤਰੇਤ ਵਿਖੇ ਉਦਯੋਗਪਤੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਕਦਮ ਦੋ ਉਦੇਸ਼ਾਂ ਦੀ ਪੂਰਤੀ ਕਰੇਗਾ ਕਿਉਂਕਿ ਇਹ ਇਕ ਪਾਸੇ ਜਿੱਥੇ ਉਦਯੋਗਿਕ ਵਿਕਾਸ ਨੂੰ ਹੁਲਾਰਾ ਦੇਵੇਗਾ, ਉੱਥੇ ਦੂਜੇ ਪਾਸੇ ਪੇਂਡੂ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਦਿਸਹੱਦੇ ਸਿਰਜੇਗਾ। ਉਨ੍ਹਾਂ ਕਿਹਾ ਕਿ ਇਹ ਹੱਬ ਸਨਅਤਕਾਰਾਂ ਨੂੰ ਆਪਣੇ ਯੂਨਿਟ ਸਥਾਪਤ ਕਰਨ ਵਿੱਚ ਸਹੂਲਤ ਦੇਣ ਲਈ ਅਤਿ-ਆਧੁਨਿਕ ਬੁਨਿਆਦੀ ਢਾਂਚੇ ਨਾਲ ਲੈਸ ਹੋਣਗੇ। ਭਗਵੰਤ ਮਾਨ ਨੇ ਇਨ੍ਹਾਂ ਉਦਯੋਗਿਕ ਹੱਬਾਂ ਵਿੱਚ ਆਪਣੇ ਯੂਨਿਟ ਸਥਾਪਤ ਕਰਨ ਦੇ ਇੱਛੁਕ ਉਦਯੋਗਪਤੀਆਂ ਨੂੰ ਪੂਰਨ ਸਹਿਯੋਗ ਅਤੇ ਤਾਲਮੇਲ ਦਾ ਭਰੋਸਾ ਦਿਵਾਇਆ ਅਤੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਵਿੱਚ ਉਦਯੋਗਿਕ ਵਿਕਾਸ ਵਿੱਚ ਤੇਜ਼ੀ ਲਿਆਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।



ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਵੱਖ-ਵੱਖ ਜ਼ਿਲ੍ਹਿਆਂ ਦੀਆਂ ਖ਼ਾਸ ਵਸਤਾਂ ਦੇ ਉਤਪਾਦਨ ਨੂੰ ਯਕੀਨੀ ਬਣਾਉਣ ਲਈ 'ਇਕ ਜ਼ਿਲ੍ਹਾ, ਇਕ ਉਤਪਾਦ' ਦਾ ਵਿਚਾਰ ਵੀ ਪੇਸ਼ ਕੀਤਾ। ਉਨ੍ਹਾਂ ਕਿਹਾ ਕਿ ਇਸ ਨਾਲ ਉਦਯੋਗਿਕ ਵਸਤਾਂ ਦੇ ਉਤਪਾਦਨ ਨੂੰ ਵਧਾਉਣ ਵਿੱਚ ਮਦਦ ਮਿਲੇਗੀ ਅਤੇ ਉੱਦਮੀਆਂ ਨੂੰ ਇਕ ਜ਼ਿਲ੍ਹੇ ਵਿੱਚੋਂ ਵਧੀਆ ਗੁਣਵੱਤਾ ਵਾਲੇ ਉਤਪਾਦ ਪੈਦਾ ਕਰਨ ਦੇ ਯੋਗ ਬਣਾਇਆ ਜਾਵੇਗਾ। ਭਗਵੰਤ ਮਾਨ ਨੇ ਕਿਹਾ ਕਿ ਸੂਬੇ ਭਰ ਦੇ ਬਹੁਤ ਸਾਰੇ ਜ਼ਿਲ੍ਹਿਆਂ ਵਿੱਚ ਕਈ ਉਤਪਾਦਾਂ ਵਿੱਚ ਮੁਹਾਰਤ ਹੈ ਅਤੇ ਇਸ ਦੀ ਸੰਭਾਵਨਾ ਨੂੰ 'ਇਕ ਜ਼ਿਲ੍ਹਾ, ਇਕ ਉਤਪਾਦ' ਉਤੇ ਕੇਂਦਰਿਤ ਕਰਕੇ ਅੱਗੇ ਵਧਾਇਆ ਜਾ ਸਕਦਾ ਹੈ।

ਇਕ ਹੋਰ ਏਜੰਡੇ 'ਤੇ ਚਰਚਾ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨਿਵੇਸ਼ਕਾਂ ਦੀ ਸਹੂਲਤ ਲਈ ਸਿੰਗਲ ਵਿੰਡੋ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਲਈ ਸਖ਼ਤ ਯਤਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੀਆਂ ਵਿਹਾਰਕ ਨੀਤੀਆਂ ਦੇ ਨਾਲ ਉਦਯੋਗਾਂ ਲਈ ਸ਼ਾਂਤ ਮਾਹੌਲ ਅਤੇ ਅਤਿ ਆਧੁਨਿਕ ਬੁਨਿਆਦੀ ਢਾਂਚਾ, ਸੂਬੇ ਵਿੱਚ ਸਨਅਤੀ ਵਿਕਾਸ ਲਈ ਅਨੁਕੂਲ ਮਾਹੌਲ ਮੁਹੱਈਆ ਕਰਦਾ ਹੈ। ਭਗਵੰਤ ਮਾਨ ਨੇ ਕਿਹਾ ਕਿ ਇਸ ਤੋਂ ਪਹਿਲਾਂ ਸਿੰਗਲ ਵਿੰਡੋ ਸੇਵਾ ਸਿਰਫ਼ ਇਕ ਧੋਖਾ ਸੀ, ਜਿਸ ਵਿੱਚ ਕੋਈ ਸਾਰਥਿਕ ਮਕਸਦ ਨਹੀਂ ਸੀ, ਜਿਸ ਨੇ ਨਾ ਸਿਰਫ਼ ਸੰਭਾਵੀ ਨਿਵੇਸ਼ਕਾਂ ਦਾ ਹੌਸਲਾ ਘਟਾਇਆ, ਸਗੋਂ ਸੂਬੇ ਦੇ ਉਦਯੋਗਿਕ ਵਿਕਾਸ ਨੂੰ ਸੱਟ ਮਾਰੀ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਇਹ ਯਕੀਨੀ ਬਣਾਇਆ ਹੈ ਕਿ ਸਿੰਗਲ ਵਿੰਡੋ ਸਿਸਟਮ ਸੂਬੇ ਵਿੱਚ ਨਿਵੇਸ਼ ਕਰਨ ਦੇ ਇੱਛੁਕ ਉੱਦਮੀਆਂ ਲਈ ਮਿਆਰੀ ਸਹੂਲਤ ਵਜੋਂ ਕੰਮ ਕਰੇ। ਉਨ੍ਹਾਂ ਕਿਹਾ ਕਿ ਇਸ ਨੂੰ ਹੋਰ ਸੁਚਾਰੂ ਬਣਾਇਆ ਜਾਵੇਗਾ ਤਾਂ ਜੋ ਉਦਯੋਗਪਤੀਆਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਭਗਵੰਤ ਮਾਨ ਨੇ ਉਦਯੋਗਪਤੀਆਂ ਨੂੰ ਭਰੋਸਾ ਦਿਵਾਇਆ ਕਿ ਜ਼ਮੀਨੀ ਵਰਤੋਂ ਵਿੱਚ ਤਬਦੀਲੀ (ਸੀ.ਐਲ.ਯੂ.) ਨਾਲ ਸਬੰਧਤ ਲੰਬਿਤ ਮਸਲਿਆਂ ਨੂੰ ਵੀ ਜਲਦੀ ਹੱਲ ਕਰ ਲਿਆ ਜਾਵੇਗਾ ਅਤੇ ਆਉਣ ਵਾਲੇ ਦਿਨਾਂ ਵਿੱਚ ਇਸ ਵਿਧੀ ਨੂੰ ਹੋਰ ਸਰਲ ਬਣਾਇਆ ਜਾਵੇਗਾ।

ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਅਮਨ ਦੇ ਮਾਹੌਲ ਕਾਰਨ ਪੰਜਾਬ ਦੁਨੀਆ ਭਰ ਵਿੱਚ ਨਿਵੇਸ਼ ਲਈ ਸਭ ਤੋਂ ਪਸੰਦੀਦਾ ਸਥਾਨ ਹੈ। ਉਨ੍ਹਾਂ ਕਿਹਾ ਕਿ ਅਮਨ-ਸ਼ਾਂਤੀ ਨੂੰ ਹਰ ਹੀਲੇ ਬਰਕਰਾਰ ਰੱਖਿਆ ਜਾਵੇਗਾ ਅਤੇ ਕਿਸੇ ਨੂੰ ਵੀ ਕਿਸੇ ਵੀ ਕੀਮਤ 'ਤੇ ਇਸ ਨੂੰ ਭੰਗ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਭਗਵੰਤ ਮਾਨ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਰੋਸ ਪ੍ਰਦਰਸ਼ਨ ਹਰ ਕਿਸੇ ਦਾ ਜਮਹੂਰੀ ਹੱਕ ਹੈ ਪਰ ਇਸ ਦੇ ਬਹਾਨੇ ਸੂਬੇ ਦੀ ਆਰਥਿਕ ਤਰੱਕੀ ਨੂੰ ਲੀਹੋਂ ਲਾਹਣ ਦੀ ਕਿਸੇ ਨੂੰ ਵੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।

ਇਸ ਦੌਰਾਨ ਉਦਯੋਗਪਤੀਆਂ ਨੇ ਮੁੱਖ ਮੰਤਰੀ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀਆਂ ਨਿਵੇਸ਼ਕ ਪੱਖੀ ਨੀਤੀਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਇਹ ਵੀ ਕਿਹਾ ਕਿ ਉਹ ਸੂਬੇ ਨੂੰ ਵਿਸ਼ਵ ਭਰ ਵਿੱਚ ਉਦਯੋਗਾਂ ਦੇ ਧੁਰੇ ਵਜੋਂ ਉਭਰਨ ਲਈ ਖੁੱਲ੍ਹ ਦਿਲੀਂ ਨਾਲ ਯੋਗਦਾਨ ਪਾਉਣਗੇ। ਉਨ੍ਹਾਂ ਮੁੱਖ ਮੰਤਰੀ ਨੂੰ ਭਰੋਸਾ ਦਿਵਾਇਆ ਕਿ ਉਹ ਸੂਬੇ ਦੀ ਸਮਾਜਿਕ-ਆਰਥਿਕ ਤਰੱਕੀ ਵਿੱਚ ਸਰਗਰਮ ਭਾਈਵਾਲ ਬਣਨਗੇ।

# ਵਲਾਦੀਮੀਰ ਪੁਤਿਨ ਨੇ ਯੂਕਰੇਨ ਦੇ ਹਮਲੇ ਵਿੱਚ ਤਬਾਹ ਹੋਏ ਕ੍ਰੀਮੀਆ ਪੁਲ 'ਤੇ ਕਾਰ ਚਲਾਈ



ਮਾਸਕੋ, 6 ਦਸੰਬਰ (ਪੋਸਟ ਬਿਊਰੋ) - ਰੂਸ-ਯੂਕਰੇਨ ਦੀ ਜੰਗ (ਰੂਸ-ਯੂਕਰੇਨ ਯੁੱਧ) ਨੂੰ 9 ਮਹੀਨਿਆਂ ਤੋਂ ਵੱਧ ਸਮਾਂ ਹੋ ਗਿਆ ਹੈ। 10 ਅਕਤੂਬਰ ਨੂੰ ਯੂਕਰੇਨ ਤੋਂ ਜਵਾਬੀ ਕਾਰਵਾਈ ਵਿਚ, ਕ੍ਰੀਮੀਅਨ ਪੁਲ ਤੋੜ ਦਿੱਤਾ ਗਿਆ ਸੀ। ਰੂਸ ਦੇ ਰਾਸਟਰਪਤੀ ਵਲਾਦੀਮੀਰ ਪੁਤਿਨ ਨੇ ਸੋਮਵਾਰ ਨੂੰ ਇਸ ਪੁਲ ਦਾ ਦੌਰਾ ਕੀਤਾ। ਇਹ ਪੁਲ ਰੂਸ ਅਤੇ ਕ੍ਰੀਮੀਆ ਨੂੰ ਜੋੜਦਾ ਹੈ। ਰੂਸੀ ਰਾਸਟਰਪਤੀ ਦੇ ਕ੍ਰੀਮੀਆ ਪੁਲ ਦੇ ਦੌਰੇ ਦਾ ਇਹ ਵੀਡੀਓ ਰੂਸੀ ਰਾਸ਼ਟਰਪਤੀ ਦੇ ਦਫ਼ਤਰ ਕ੍ਰੇਮਲਿਨ ਵਲੋਂ ਜਾਰੀ ਕੀਤਾ ਗਿਆ ਹੈ। ਕੌਮਾਂਤਰੀ ਮੀਡੀਆ ਵਿਚ ਆਈ ਰਿਪੋਰਟ ਮੁਤਾਬਿਕ ਪੁਤਿਨ ਧਮਾਕੇ ਤੋਂ ਬਾਅਦ ਚੱਲ ਰਹੇ ਨਿਰਮਾਣ ਕਾਰਜ ਦਾ ਜਾਇਜਾ ਲੈਣ ਲਈ ਉਥੇ ਪਹੁੰਚੇ ਸਨ। ਇਸ ਪੁਲ 'ਤੇ ਹਮਲੇ ਤੋਂ ਬਾਅਦ ਰੂਸ ਨੇ ਤਿੱਖੀ ਪ੍ਰਤੀਕਿਰਿਆ ਦਿੱਤੀ ਅਤੇ ਯੂਕਰੇਨ 'ਤੇ ਕਈ ਬੰਬਾਂ ਦੀ ਵਰਖਾ ਕੀਤੀ। ਇਹ 19 ਕਿਲੋਮੀਟਰ ਲੰਬਾ ਪੁਲ ਰੂਸ ਲਈ ਬਹੁਤ ਮਹੱਤਵਪੂਰਨ ਹੈ।

ਕ੍ਰੇਮਲਿਨ ਵਲੋਂ ਸ਼ੇਅਰ ਕੀਤੀ ਗਈ ਵੀਡੀਓ ਵਿਚ ਵਲਾਦੀਮੀਰ ਪੁਤਿਨ ਨੂੰ ਮਰਸਡੀਜ ਕਾਰ ਚਲਾਉਂਦੇ ਦੇਖਿਆ ਜਾ ਸਕਦਾ ਹੈ। ਦੱਸਿਆ ਜਾ ਰਿਹਾ ਹੈ ਕਿ ਕੁਝ ਦੂਰੀ 'ਤੇ ਜਾਣ ਤੋਂ ਬਾਅਦ ਪੁਤਿਨ ਨੇ ਪੈਦਲ ਚੱਲ ਕੇ ਨਿਰਮਾਣ ਕਾਰਜ ਵਿਚ ਲੱਗੇ ਮਜਦੂਰਾਂ ਨਾਲ ਵੀ ਗੱਲਬਾਤ ਕੀਤੀ। ਇਸ ਪੁਲ ਦੀ ਫੌਜੀ ਮਹੱਤਤਾ ਦਾ ਅੰਦਾਜਾ ਇਸ ਗੱਲ ਤੋਂ ਲਗਾਇਆ ਜਾ ਸਕਦਾ ਹੈ ਕਿ 24 ਫਰਵਰੀ ਨੂੰ ਯੂਕਰੇਨ 'ਤੇ ਹੋਏ ਹਮਲੇ ਤੋਂ ਬਾਅਦ ਰੂਸ ਇਸ ਪੁਲ ਰਾਹੀਂ ਕ੍ਰੀਮੀਆ ਵਿਚ ਆਪਣੀ ਫੌਜ ਭੇਜ ਰਿਹਾ ਹੈ। ਕ੍ਰੀਮੀਆ ਤੋਂ ਹੀ, ਰੂਸ ਆਸਾਨੀ ਨਾਲ ਦੱਖਣੀ ਯੂਕਰੇਨ ਦੇ ਖੇਰਸਾਨ ਅਤੇ ਜਪੋਰੋਜਯ 'ਤੇ ਕਬਜਾ ਕਰਨ ਦੇ ਯੋਗ ਹੈ। ਇਹ ਪੁਲ ਰੂਸ ਨਾਲ ਦੂਰਸੰਚਾਰ ਸੰਪਰਕ ਬਣਾਉਣ ਦਾ ਵੀ ਇੱਕ ਮਹੱਤਵਪੂਰਨ ਸਾਧਨ ਹੈ।

2014 ਵਿਚ, ਰੂਸ ਨੇ ਕ੍ਰੀਮੀਆ ਦੇ ਯੂਕਰੇਨੀ ਖੇਤਰ ਨੂੰ ਆਪਣੇ ਨਾਲ ਮਿਲਾ ਲਿਆ ਸੀ। ਇਸ ਤੋਂ ਬਾਅਦ ਇਸ ਖੇਤਰ ਨੂੰ ਰੂਸ ਨਾਲ ਜੋੜਨ ਲਈ ਸਮੁੰਦਰ ਵਿਚ ਕੇਰਚ ਪੁਲ ਬਣਾਇਆ ਗਿਆ। ਇਸ ਪੁਲ ਨੂੰ ਕ੍ਰੀਮੀਆ 'ਤੇ ਰੂਸ ਦੇ ਕਬਜੇ ਦੇ ਪ੍ਰਤੀਕ ਵਜੋਂ ਦੇਖਿਆ ਜਾਂਦਾ ਹੈ। 8 ਅਕਤੂਬਰ 2022 ਨੂੰ, ਰੂਸ ਨੂੰ ਕ੍ਰੀਮੀਆ ਨਾਲ ਜੋੜਨ ਵਾਲੇ ਕੇਰਚ ਪੁਲ 'ਤੇ ਇੱਕ ਵੱਡਾ ਧਮਾਕਾ ਹੋਇਆ ਸੀ। ਪੁਲ 'ਤੇ ਧਮਾਕੇ ਦੀ ਆਵਾਜ ਕਈ ਕਿਲੋਮੀਟਰ ਦੂਰ ਤੱਕ ਸੁਣਾਈ ਦਿੱਤੀ। ਇਸ ਦੀ ਇੱਕ ਵੀਡੀਓ ਵੀ ਸੋਸਲ ਮੀਡੀਆ 'ਤੇ ਵਾਇਰਲ ਹੋਈ ਸੀ।

# ਜੀ.ਐਸ.ਟੀ. ਦੇ ਛਾਪੇ 'ਤੇ ਬੋਲੇ ਵੜਿੰਗ: ਪੰਜਾਬ ਵਿੱਚ ਟੈਕਸ ਅੱਤਵਾਦ ਚੱਲ ਰਿਹਾ

ਚੰਡੀਗੜ੍ਹ, 6 ਦਸੰਬਰ (ਪੋਸਟ ਬਿਊਰੋ): ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੂਬੇ ਵਿੱਚ ਫੈਲਾਏ ਜਾ ਰਹੇ ਟੈਕਸ ਅੱਤਵਾਦ 'ਤੇ ਹਮਲਾ ਬੋਲਿਆ ਹੈ। ਉਨ੍ਹਾਂ ਕਿਹਾ ਕਿ ਤੁਸੀਂ ਕਾਨੂੰਨ ਲਾਗੂ ਕਰਵਾਓ, ਪਰ ਵਪਾਰੀਆਂ ਵਿੱਚ ਦਹਿਸ਼ਤ ਨਾ ਫੈਲਾਓ।

ਕਰ ਵਿਭਾਗ ਵੱਲੋਂ ਸੂਬੇ ਭਰ ਵਿੱਚ ਮਾਰੇ ਗਏ ਛਾਪਿਆਂ 'ਤੇ ਪ੍ਰਤੀਕਰਮ ਦਿੰਦਿਆਂ ਵੜਿੰਗ ਨੇ ਕਿਹਾ ਕਿ ਸਰਕਾਰ ਵੱਡੇ ਪੱਧਰ 'ਤੇ ਸ਼ਰਾਬ ਘੁਟਾਲੇ ਵਿੱਚ ਸ਼ਾਮਲ ਹੋਣ ਦੇ ਗੰਭੀਰ ਦੋਸ਼ ਝੱਲ ਰਹੀ ਹੈ, ਜੋ ਆਪਣੇ ਟੈਕਸ ਅਧਿਕਾਰੀਆਂ ਰਾਹੀਂ ਛੋਟੇ ਕਾਰੋਬਾਰੀਆਂ ਅਤੇ ਵਪਾਰੀਆਂ 'ਤੇ ਆਪਣਾ ਗੁੱਸਾ ਕੱਢ ਰਹੀ ਹੈ।



ਵੜਿੰਗ ਵਿੱਚ ਅਜਿਹੇ ਛਾਪਿਆਂ ਬਾਰੇ ਸਵਾਲ ਕਰਦਿਆਂ ਉਨ੍ਹਾਂ ਕਿਹਾ ਕਿ ਜੇਕਰ ਜੀਐਸਟੀ ਅਧਿਕਾਰੀਆਂ ਨੂੰ ਕੋਈ ਸ਼ੰਕਾ ਹੈ ਜਾਂ ਕੋਈ ਜਾਣਕਾਰੀ ਚਾਹੀਦੀ ਹੈ ਤਾਂ ਉਹ ਸਿੱਧੇ ਤੌਰ 'ਤੇ ਸਬੰਧਤ ਵਪਾਰੀਆਂ ਤੇ ਕਾਰੋਬਾਰੀਆਂ ਨੂੰ ਆਪਣੇ ਦਫ਼ਤਰ ਬੁਲਾ ਕੇ ਸਥਿਤੀ ਸਪੱਸ਼ਟ ਕਰ ਸਕਦੇ ਹਨ।

ਉਨ੍ਹਾਂ ਕਿਹਾ ਕਿ ਜੇਕਰ ਤੁਹਾਡੀ ਤਸੱਲੀ ਨਹੀਂ ਹੈ ਤਾਂ ਤੁਸੀਂ ਜਾਂਚ ਨੂੰ ਅੱਗੇ ਲੈ ਕੇ ਕਾਰੋਬਾਰੀ ਦੇ ਕੰਪਲੈਕਸ ਜਾ ਸਕਦੇ ਹੋ। ਪਰ ਅਧਿਕਾਰੀਆਂ ਵੱਲੋਂ ਅਜਿਹਾ ਡਰ ਅਤੇ ਦਹਿਸ਼ਤ ਦਾ ਮਾਹੌਲ ਕਿਉਂ ਬਣਾਇਆ ਜਾ ਰਿਹਾ ਹੈ, ਜਿਵੇਂ ਤੁਸੀਂ ਕਿਸੇ ਅੱਤਵਾਦੀ ਦੀ ਭਾਲ ਵਿੱਚ ਛਾਪੇਮਾਰੀ ਕਰ ਰਹੇ ਹੋਵੋ।

ਸੂਬਾ ਕਾਂਗਰਸ ਪ੍ਰਧਾਨ ਨੇ ਕਿਹਾ ਕਿ ਇਹ ਪਹਿਲੀ ਵਾਰ ਹੈ ਕਿ ਟੈਕਸ ਅਧਿਕਾਰੀਆਂ ਨੇ ਕਰਿਆਨੇ ਅਤੇ ਭਾਂਡਿਆਂ ਦੀਆਂ ਦੁਕਾਨਾਂ ਵਰਗੇ ਛੋਟੇ ਕਾਰੋਬਾਰਾਂ 'ਤੇ ਛਾਪੇਮਾਰੀ ਕੀਤੀ ਹੈ। ਹੈਰਾਨੀ ਦੀ ਗੱਲ ਹੈ ਕਿ ਸਰਕਾਰ ਅਜਿਹੇ ਛਾਪੇ ਮਾਰ ਕੇ ਅਜਿਹਾ ਕੀ ਦੱਸਣ ਦੀ ਕੋਸ਼ਿਸ਼ ਕਰ ਰਹੀ ਹੈ, ਜਿਸ ਤੋਂ ਕੁਝ ਵੀ ਸਾਹਮਣੇ ਨਹੀਂ ਆਵੇਗਾ। ਇਹ ਸਰਕਾਰ ਦੀ ਨਿਰਾਸ਼ਾ ਨੂੰ ਹੀ ਦਰਸਾਉਂਦੀ ਹੈ, ਜਿਸ ਨੇ ਸੂਬੇ ਨੂੰ ਦੀਵਾਲੀਏਪਣ ਵੱਲ ਧੱਕ ਦਿੱਤਾ ਹੈ ਅਤੇ ਹੁਣ ਛੋਟੇ ਦੁਕਾਨਦਾਰਾਂ ਨੂੰ ਪ੍ਰੇਸ਼ਾਨ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।

ਵੜਿੰਗ ਨੇ ਕਿਹਾ ਕਿ ਇੱਕ ਪਾਸੇ ਤਾਂ ਸਰਕਾਰ ਵੱਡੇ ਸ਼ਰਾਬ ਕਾਰੋਬਾਰੀਆਂ ਨੂੰ ਮਿਲੀਭੁਗਤ ਕਰਕੇ ਛੱਡ ਰਹੀ ਹੈ, ਜਦਕਿ ਦੂਜੇ ਪਾਸੇ ਛੋਟੇ ਵਪਾਰੀਆਂ ਅਤੇ ਕਾਰੋਬਾਰੀਆਂ ਵਿੱਚ ਡਰ ਅਤੇ ਸਹਿਮ ਦਾ ਮਾਹੌਲ ਪੈਦਾ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਵਪਾਰੀ ਵਰਗ ਪਹਿਲਾਂ ਹੀ ਜੀ.ਐਸ.ਟੀ ਦੇ ਗਲਤ ਲਾਗੂ ਹੋਣ ਕਾਰਨ ਮੁਸ਼ਕਲਾਂ ਦਾ ਸਾਹ-ਮਣਾ ਕਰ ਰਿਹਾ ਸੀ ਅਤੇ ਹੁਣ ਸੂਬਾ ਸਰਕਾਰ ਦੇ ਅਧਿਕਾਰੀਆਂ ਵੱਲੋਂ ਛਾਪੇਮਾਰੀ ਕਰਕੇ ਉਨ੍ਹਾਂ ਦੀਆਂ ਮੁਸ਼ਕਲਾਂ ਹੋਰ ਵਧ ਗਈਆਂ ਹਨ।

# ਦਸ ਹਜ਼ਾਰ ਰੁਪਏ ਦੀ ਰਿਸ਼ਵਤ ਲੈਣ ਵਾਲੇ ਸਹਾਇਕ ਸਬ ਇੰਸਪੈਕਟਰ ਵਿਰੁੱਧ ਮਾਮਲਾ ਦਰਜ

ਚੰਡੀਗੜ੍ਹ, 6 ਦਸੰਬਰ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਆਪਣੀ ਭ੍ਰਿਸ਼ਟਾਚਾਰ ਵਿਰੋਧੀ ਮੁਹਿੰਮ ਤਹਿਤ ਵੀਰਵਾਰ ਨੂੰ ਜ਼ਿਲ੍ਹਾ ਡਿਪਟੀ ਅਟਾਰਨੀ (ਕਾਨੂੰਨੀ) ਦੇ ਨਾਲ ਰੀਡਰ ਵਜੋਂ ਤਾਇਨਾਤ ਸਹਾਇਕ ਸਬ ਇੰਸਪੈਕਟਰ (ਏ.ਐਸ.ਆਈ.) ਰਮੇਸ਼ ਕੁਮਾਰ ਵਿਰੁੱਧ ਦਸ ਹਜ਼ਾਰ ਰੁਪਏ ਰਿਸ਼ਵਤ ਮੰਗਣ ਅਤੇ ਹਾਸਲ ਕਰਨ ਤੇ ਭ੍ਰਿਸ਼ਟਾਚਾਰ ਦਾ ਕੇਸ ਦਰਜ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਸਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਦੀ ਭ੍ਰਿਸ਼ਟਾਚਾਰ ਵਿਰੋਧੀ ਹੈਲਪਲਾਈਨ 'ਤੇ ਦਰਜ ਕਰਵਾਈ ਆਨਲਾਈਨ ਸ਼ਿਕਾਇਤ ਦੀ ਜਾਂਚ ਤੋਂ ਬਾਅਦ ਉਕਤ ਮੁਲਜ਼ਮ ਏ.ਐਸ.ਆਈ. ਵਿਰੁੱਧ ਰਿਸ਼ਵਤਖੋਰੀ ਦਾ ਮਾਮਲਾ ਦਰਜ ਕੀਤਾ ਗਿਆ ਹੈ।

ਬ ੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਧਵਲਜੀਤ ਦੱਤਾ ਵਾਸੀ ਮੁਹੱਲਾ ਬੇਰੀਆਂ, ਗੁਰਦਾਸਪੁਰ ਅਤੇ ਸੁਰਿੰਦਰ ਮੋਹਨ ਨੇ ਦੱਸਿਆ ਕਿ ਉਕਤ ਪੁਲਿਸ ਕਰਮਚਾਰੀ ਨੇ ਪੁਲਿਸ ਜਾਂਚ (ਇੰਕੁਆਇਰੀ) ਰਿਪੋਰਟ ਉਪਰ ਕਾਰਵਾਈ ਕਰਨ ਬਦਲੇ



40,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਅਤੇ ਇਸ ਸਬੰਧੀ ਸੁਰਿੰਦਰ ਮੋਹਨ ਤੋਂ 10,000 ਰੁਪਏ ਲੈ ਵੀ ਲਏ। ਸ਼ਿਕਾਇਤਕਰਤਾ ਨੇ ਮੁਲਜ਼ਮ ਨੂੰ ਪੈਸੇ ਦੇਣ ਸਮੇਂ ਹੋਈ ਗੱਲਬਾਤ ਰਿਕਾਰਡ ਕਰ ਲਈ ਸੀ।

ਬੁਲਾਰੇ ਨੇ ਅੱਗੇ ਕਿਹਾ ਕਿ ਵਿਜੀਲੈਂਸ ਬਿਊਰੋ ਨੇ ਸ਼ਿਕਾਇਤ ਵਿੱਚ ਲਗਾਏ ਗਏ ਦੋਸ਼ਾਂ ਦੀ ਜਾਂਚ ਕੀਤੀ ਅਤੇ ਰਿਸ਼ਵਤ ਦੀ ਰਕਮ ਦੀ ਮੰਗ ਕਰਨ ਅਤੇ ਸਵੀਕਾਰ ਕਰਨ ਵਿੱਚ ਦੋਸ਼ੀ ਪਾਏ ਜਾਣ ਤੋਂ ਬਾਅਦ ਉਕਤ ਪੁਲਿਸ ਮੁਲਾਜ਼ਮ ਵਿਰੁੱਧ ਭ੍ਰਿਸ਼ਟਾਚਾਰ ਦਾ ਕੇਸ ਦਰਜ ਕੀਤਾ। ਇਸ ਸਬੰਧੀ ਵਿਜੀਲੈਂਸ ਬਿਊਰੋ ਦੇ ਥਾਣਾ ਅੰਮ੍ਰਿਤਸਰ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕਰ ਲਿਆ ਹੈ ਅਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਸਾਕੇਤ ਗੋਖਲੇ ਨੇ ਮੋਦੀ ਦੀ ਮੋਰਬੀ ਫੇਰੀ 'ਤੇ ਖਰਚੇ 30 ਕਰੋੜ ਰੁਪਏ ਦੇ ਫਰਜ਼ੀ ਦਸਤਾਵੇਜ ਬਣਾਏ: ਗੁਜਰਾਤ ਪੁਲਿਸ

ਅਹਿਮਦਾਬਾਦ, 6 ਦਸੰਬਰ (ਪੋਸਟ ਬਿਊਰੋ) - ਗੁਜਰਾਤ ਪੁਲਸ ਨੇ ਕਿਹਾ ਹੈ ਕਿ ਤ੍ਰਿਣਮੂਲ ਕਾਂਗਰਸ ਦੇ ਬੁਲਾਰੇ ਸਾਕੇਤ ਗੋਖਲੇ ਨੇ ਪੀ.ਐਮ. ਮੋਦੀ ਦੇ ਮੋਰਬੀ ਦੌਰੇ ਵਿਚ 30 ਕਰੋੜ ਰੁਪਏ ਖਰਚ ਕਰਨ ਲਈ ਫਰਜੀ ਦਸਤਾਵੇਜ ਤਿਆਰ ਕੀਤੇ ਹਨ।

ਸਾਈਬਰ ਸੈੱਲ ਦੇ ਇੱਕ ਪ੍ਰਮੁੱਖ ਸੂਤਰ ਨੇ ਦੱਸਿਆ ਕਿ ਸਾਕੇਤ ਗੋਖਲੇ ਨੇ ਆਪਣੇ ਟਵੀਟ ਵਿਚ ਮੀਡੀਆ ਕਲਿਪਿੰਗ ਵਿਚ ਗੁਜਰਾਤ ਸਮਾਚਾਰ ਦੇ ਫੌਂਟ ਦੀ ਵਰਤੋਂ ਕਰਦਿਆਂ ਕਿਹਾ ਕਿ ਇਹ ਇਕ ਆਰਟੀਆਈ ਦਾ ਜਵਾਬ ਸੀ, ਜਿਸ ਵਿੱਚ ਕਿਹਾ ਗਿਆ ਸੀ ਕਿ 30 ਕਰੋੜ ਰੁਪਏ ਖਰਚ ਕੀਤੇ ਗਏ ਹਨ।

ਜਦੋਂ ਪੁਲਿਸ ਨੇ ਗੁਜਰਾਤ ਸਮਾਚਾਰ ਦੁਆਰਾ ਜਾਂਚ ਕੀਤੀ ਤਾਂ ਉਨ੍ਹਾਂ ਨੇ ਆਰਟੀਆਈ ਦਾਇਰ ਕਰਨ ਤੋਂ ਇਨਕਾਰ ਕਰ ਦਿੱਤਾ। ਸਾਈਬਰ ਪੁਲਿਸ ਸੂਤਰ ਨੇ ਦੱਸਿਆ ਕਿ ਸਾਰੀ ਆਰਟੀਆਈ ਸਾਕੇਤ ਗੋਖਲੇ ਨੇ ਖੁਦ ਬਣਾਈ ਹੈ।

ਗੁਜਰਾਤ ਪੁਲਸ ਨੇ ਕਿਹਾ ਕਿ ਤ੍ਰਿਣਮੂਲ ਕਾਂਗਰਸ ਦੇ ਨੇਤਾ ਸਾਕੇਤ ਗੋਖਲੇ ਨੇ ਜਾਅਲੀ ਦਸਤਾਵੇਜਾਂ ਵਿੱਚ ਦੋਸ਼ ਲਗਾਇਆ ਹੈ ਕਿ ਪੁਲ ਦੇ ਡਿੱਗਣ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਮੋਰਬੀ ਦੌਰੇ 'ਤੇ 30 ਕਰੋੜ ਰੁਪਏ ਖਰਚ ਕੀਤੇ ਗਏ ਸਨ।

ਸਾਕੇਤ ਗੋਖਲੇ ਨੂੰ ਬੀਤੀ ਰਾਤ ਜੈਪੁਰ ਤੋਂ ਪ੍ਰਧਾਨ ਮੰਤਰੀ ਮੋਦੀ ਦੀ ਫੇਰੀ ਬਾਰੇ ਇਕ ਟਵੀਟ ਕਰਨ ਲਈ ਗ੍ਰਿਫ਼ਤਾਰ ਕੀਤਾ ਗਿਆ ਸੀ, ਜਿਸ ਵਿਚ ਕਿਹਾ ਗਿਆ ਸੀ ਕਿ "ਆਰਟੀਆਈ ਵਿੱਚ ਖੁਲਾਸਾ ਹੋਇਆ ਹੈ ਕਿ ਪ੍ਰਧਾਨ ਮੰਤਰੀ ਦੀ ਮੋਰਬੀ ਫੇਰੀ 'ਤੇ 30 ਕਰੋੜ ਰੁਪਏ ਦੀ ਲਾਗਤ ਆਈ ਹੈ", ਇਸ ਨੂੰ ਸਰਕਾਰ ਦੇ ਤੱਥ ਦਿੰਦੇ ਹੋਏ ਜਾਂਚ ਯੂਨਿਟ ਦੁਆਰਾ "ਜਾਅਲੀ" ਵਜੋਂ ਫਲੈਗ ਕੀਤਾ ਗਿਆ ਸੀ।

ਭਾਜਪਾ ਨੇਤਾ ਅਮਿਤ ਕੋਠਾਰੀ ਨੇ ਅਹਿ-ਮਦਾਬਾਦ 'ਚ ਪੁਲਸ ਸ਼ਿਕਾਇਤ ਦਰਜ ਕਰਵਾਈ, ਜਿਸ ਕਾਰਨ ਉਸ ਨੂੰ ਗ੍ਰਿਫ਼ਤਾਰ ਕੀਤਾ ਗਿਆ। ਸਾਈਬਰ ਸੈੱਲ ਦੇ ਸੂਤਰਾਂ ਨੇ ਦੱਸਿਆ ਕਿ ਸਾਕੇਤ ਗੋਖਲੇ ਨੇ ਆਪਣੇ ਟਵੀਟ ਵਿਚ ਗੁਜਰਾਤ ਸਮਾਚਾਰ ਅਖਬਾਰ ਦੇ ਫੌਂਟ ਦੀ ਵਰਤੋਂ ਕਰਕੇ ਦਾਅਵਾ ਕੀਤਾ ਕਿ ਇਹ ਇੱਕ ਆਰਟੀਆਈ ਜਵਾਬ ਹੈ।

# ਏਮਜ਼ ਤੋਂ ਬਾਅਦ ਹੈਕਰਾਂ ਦੀ ਨਜਰ ਆਈ.ਸੀ.ਐੱਮ.ਆਰ. ਦੀ ਵੈੱਬਸਾਈਟ 'ਤੇ, 6 ਹਜ਼ਾਰ ਵਾਰ ਹੈਕ ਕਰਨ ਦਾ ਕੀਤਾ ਗਿਆ ਯਤਨ

ਨਵੀਂ ਦਿੱਲੀ, 6 ਦਸੰਬਰ (ਪੋਸਟ ਬਿਊਰੋ) - ਦੇਸ਼ ਦੀ ਰਾਜਧਾਨੀ ਦਿੱਲੀ ਸਥਿਤ ਏਮਜ 'ਤੇ ਰੈਨਸਮਵੇਅਰ ਹਮਲੇ ਦੇ ਕੁਝ ਦਿਨ ਬਾਅਦ ਇੰਡੀਅਨ ਕੌਂਸਲ ਆਫ ਮੈਡੀਕਲ ਰਿਸਰਚ (ਆਈ.ਸੀ.ਐੱਮ.ਆਰ.) ਦੀ ਵੈੱਬਸਾਈਟ ਨੂੰ ਹੈਕ ਕਰਨ ਦੀ ਕੋਸ਼ਿਸ਼ ਕੀਤੀ ਗਈ। ਸੂਤਰਾਂ ਨੇ ਮੰਗਲਵਾਰ ਨੂੰ ਇਹ ਜਾਣਕਾਰੀ ਦਿੱਤੀ। ਸੂਤਰਾਂ ਮੁਤਾਬਿਕ 30 ਨਵੰਬਰ ਨੂੰ ਦੇਸ਼ ਦੀ ਚੋਟੀ ਦੀ ਮੈਡੀਕਲ ਸੰਸਥਾ ਦੀ ਵੈੱਬਸਾਈਟ 'ਤੇ 6 ਹਜ਼ਾਰ ਵਾਰ ਹੈਕਿੰਗ ਦੀ ਕੋਸ਼ਿਸ਼ ਕੀਤੀ ਗਈ ਸੀ। ਆਈ.ਪੀ. ਐਡਰੈੱਸ, ਇੱਕ 'ਯੂਨੀਕ ਐਡਰੈੱਸ' ਜੋ ਇੰਟਰਨੈਟ 'ਤੇ ਇਕ ਡਿਵਾਈਸ ਦੀ ਪਛਾਣ ਕਰਦਾ ਹੈ, ਹਾਂਗਕਾਂਗ ਵਿਚ ਸਥਿਤ ਇੱਕ ਬਲੈਕਲਿਸਟਡ ਵੈਬਸਾਈਟ 'ਤੇ ਟ੍ਰੇਸ ਕੀਤਾ ਗਿਆ ਸੀ।



ਜ਼ਿਕਰਯੋਗ ਹੈ ਕਿ 23 ਨਵੰਬਰ ਨੂੰ ਸਵੇਰੇ 6.45 ਵਜੇ ਦਿੱਲੀ ਏਮਜ਼ ਦਾ ਸਰਵਰ ਹੈਕ ਹੋ ਗਿਆ ਸੀ। ਸਭ ਤੋਂ ਪਹਿਲਾਂ ਇਹ ਗੱਲ ਐਮਰਜੈਂਸੀ ਲੈਬ ਦੇ ਕੰਪਿਊਟਰ ਸੈਂਟਰ ਵਿਚ ਧਿਆਨ ਵਿੱਚ ਆਈ, ਜਿਸ ਤੋਂ ਬਾਅਦ ਹੌਲੀ-ਹੌਲੀ ਹਸਪਤਾਲ ਦੇ ਸਮੁੱਚੇ ਕੰਪਿਊਟਰ ਸਿਸਟਮ ਨੂੰ ਹੈਕਰਾਂ ਨੇ ਰੈਨਸਮਵੇਅਰ ਅਟੈਕ ਰਾਹੀਂ ਆਪਣੇ ਕਬਜ਼ੇ ਵਿਚ ਲੈ ਲਿਆ। ਉਦੋਂ ਤੋਂ ਸਰਵਰ ਨੂੰ ਸਾਫ਼ ਕਰਨ ਅਤੇ ਹੈਕਰਾਂ ਦੇ ਚੁੰਗਲ ਤੋਂ ਮੁਕਤ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਕ ਪਾਸੇ ਦਿੱਲੀ ਪੁਲਿਸ ਇਸ ਹੈਕਿੰਗ ਦੀ ਜਾਂਚ ਕਰ ਰਹੀ ਹੈ ਅਤੇ ਦੂਜੇ ਪਾਸੇ ਇੰਡੀਆ ਕੰਪਿਊਟਰ ਐਮਰਜੈਂਸੀ ਟੀਮ ਦੇ ਮਾਹਿਰ ਆਨਲਾਈਨ ਹੈਕਰਾਂ ਨਾਲ ਨਜਿੱਠਣ ਦੀ ਕੋਸਿਸ਼ ਕਰ ਰਹੇ ਹਨ। ਏਮਜ ਵਿਚ ਹਰ ਸਾਲ 38 ਲੱਖ ਮਰੀਜਾਂ ਦਾ ਇਲਾਜ ਹੁੰਦਾ ਹੈ। ਇਸ ਸਾਈਬਰ ਹਮਲੇ ਕਾਰਣ ਮਰੀਜ਼ਾਂ ਦਾ ਡਾਟਾ ਚੋਰੀ ਹੋਣ ਦੀ ਸੰਭਾਵਨਾ ਹੈ।

ਏਮਜ ਸਾਈਬਰ ਅਟੈਕ ਮਾਮਲੇ ਵਿਚ 2 ਮੁਲਾਜ਼ਮਾਂ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ। ਇਹ ਦੋਵੇਂ ਸਿਸਟਮ ਵਿਸ਼ਲੇਸ਼ਕ ਹਨ। ਦੋਵਾਂ ਨੂੰ ਪਹਿਲਾਂ ਕਾਰਣ ਦੱਸੋ ਨੋਟਿਸ ਦਿੱਤਾ ਗਿਆ ਸੀ। ਜਵਾਬ ਤੋਂ ਸੰਤੁਸਟ ਨਾ ਹੋਣ 'ਤੇ ਏਮਜ਼ ਪ੍ਰਸ਼ਾਸਨ ਨੇ ਦੋਵਾਂ ਨੂੰ ਸਸਪੈਂਡ ਕਰ ਦਿੱਤਾ ਹੈ। ਇਸ ਦੌਰਾਨ ਏਮਜ਼ ਦੇ 50 ਵਿਚੋਂ 30 ਸਰਵਰਾਂ ਨੂੰ ਐਂਟੀ ਵਾਇਰਸ ਲਗਾ ਕੇ ਸਕੈਨ ਕੀਤਾ ਗਿਆ ਹੈ।

# ਅਫਗਾਨਿਸਤਾਨ ਵਿਚ ਸਰਕਾਰੀ ਕਰਮਚਾਰੀਆਂ ਦੀ ਬੱਸ 'ਚ ਧਮਾਕਾ, 7 ਦੀ ਮੌਤ



ਕਾਬੁਲ, 6 ਦਸੰਬਰ (ਪੋਸਟ ਬਿਊਰੋ) - ਅਫਗਾਨਿਸਤਾਨ ਦੇ ਉੱਤਰੀ ਬਲਖ ਸੂਬੇ ਦੀ ਰਾਜਧਾਨੀ ਮਜਾਰ-ਏ-ਸਰੀਫ 'ਚ ਸਰਕਾਰੀ ਕਰਮਚਾਰੀਆਂ ਨੂੰ ਲੈ ਕੇ ਜਾ ਰਹੀ ਇਕ ਬੱਸ 'ਚ ਹੋਏ ਬੰਬ ਧਮਾਕੇ 'ਚ 7 ਲੋਕਾਂ ਦੀ ਮੌਤ ਹੋ ਗਈ ਅਤੇ 6 ਹੋਰ ਜਖਮੀ ਹੋ ਗਏ। ਪੁਲਿਸ ਵਿਭਾਗ ਦੇ ਬੁਲਾਰੇ ਮੁਹੰਮਦ ਆਸਿਫ ਵਜੀਰੀ ਨੇ ਇਹ ਜਾਣਕਾਰੀ ਦਿੱਤੀ। ਅਧਿਕਾਰੀ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਇਹ ਧਮਾਕਾ ਸਵੇਰੇ ਕਰੀਬ 7:30 ਵਜੇ ਉਸ ਸਮੇਂ ਹੋਇਆ ਜਦੋਂ ਮਜਾਰ-ਏ-ਸਰੀਫ ਸ਼ਹਿਰ ਦੇ ਪੁਲਿਸ ਜਿਲ੍ਹਾ-3 ਦੇ ਹੀਰਤਾਨ ਸਰਹੱਦੀ ਸ਼ਹਿਰ ਵਿਚ ਪੈਟਰੋਲੀਅਮ ਡਾਇਰੈਕਟੋਰੇਟ ਦੇ ਕਰਮਚਾਰੀਆਂ ਨੂੰ ਲੈ ਕੇ ਇਕ ਬੱਸ ਆਪਣੇ ਦਫਤਰ ਜਾ ਰਹੀ ਸੀ।

ਸੜਕ ਕਿਨਾਰੇ ਰੱਖੇ ਬੰਬ ਦੀ ਚਪੇਟ ਵਿਚ ਆਉਣ ਨਾਲ ਬੱਸ ਵਿਚ ਬਲਾਸਟ ਹੋ ਗਿਆ, ਜਿਸ ਵਿਚ ਸੱਤ ਲੋਕ ਮਾਰੇ ਗਏ ਅਤੇ ਛੇ ਹੋਰ ਜਖਮੀ ਹੋ ਗਏ। ਉਨ੍ਹਾਂ ਦੱਸਿਆ ਕਿ ਘਟਨਾ ਦੀ ਜਾਂਚ ਸੁਰੂ ਕਰ ਦਿੱਤੀ ਗਈ ਹੈ। ਅਜੇ ਤੱਕ ਇਸ ਹਮਲੇ ਦੀ ਜਿੰਮੇਵਾਰੀ ਕਿਸੇ ਨੇ ਨਹੀਂ ਲਈ ਹੈ।

# ਫਿਲਮਾਂ ਦੇਖਣ ਲਈ ਨੌਜਵਾਨਾਂ ਨੂੰ ਸ਼ਰੇਆਮ ਮਾਰੀ ਗੋਲੀ

ਉੱਤਰੀ ਕੋਰੀਆ, 6 ਦਸੰਬਰ (ਪੋਸਟ ਬਿਊਰੋ) - ਉੱਤਰੀ ਕੋਰੀਆ ਵਿਚ ਫਾਇਰਿੰਗ ਸਕੁਐਡ ਨੇ ਹਾਲ ਹੀ ਵਿਚ ਦੋ ਕਿਸ਼ੋਰਾਂ ਦੀ ਜਨਤਕ ਤੌਰ 'ਤੇ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ, ਉਨ੍ਹਾਂ 'ਤੇ ਗੁਆਂਢੀ ਦੱਖਣੀ ਕੋਰੀਆ ਦੀਆਂ ਫਿਲਮਾਂ ਦੇਖਣ ਅਤੇ ਵੇਚਣ ਦਾ ਦੋਸ਼ ਸੀ। ਚੀਨ ਦੀ ਸਰਹੱਦ 'ਤੇ ਹੇਸਨ ਸਹਿਰ ਦੇ ਏਅਰਫੀਲਡ 'ਤੇ 16-17 ਸਾਲ ਦੀ ਉਮਰ ਦੇ ਨੌਜਵਾਨਾਂ ਨੂੰ ਸਥਾਨਕ ਲੋਕਾਂ ਦੇ ਸਾਹਮਣੇ ਗੋਲੀ ਮਾਰ ਦਿੱਤੀ ਗਈ ਸੀ। ਹਾਲਾਂਕਿ ਉਨ੍ਹਾਂ ਦੀ ਮੌਤ ਦੀ ਖਬਰ ਪਿਛਲੇ ਹਫਤੇ ਹੀ ਸਾਹਮਣੇ ਆਈ ਸੀ।

ਇਸ ਭਿਆਨਕ ਦ੍ਰਿਸ਼ ਦੇ ਚਸ਼ਮਦੀਦ ਗਵਾਹ ਬੇਹੱਦ ਡਰੇ ਹੋਏ ਸਨ। ਇਹ ਨਜਾਰਾ ਦੇਖਣ ਲਈ ਸਥਾਨਕ ਲੋਕ ਇਕੱਠੇ ਹੋ ਗਏ। ਉਸੇ ਉਮਰ ਦੇ ਤੀਜੇ




ਲੜਕੇ ਨੂੰ ਆਪਣੀ ਮਤਰੇਈ ਮਾਂ ਦੀ ਹੱਤਿਆ ਦੇ ਦੋਸ਼ ਵਿਚ ਦੋ ਨੌਜਵਾਨਾਂ ਦੇ ਨਾਲ ਗੋਲੀ ਮਾਰ ਦਿੱਤੀ ਗਈ ਸੀ।

ਰਿਪੋਰਟ ਮੁਤਾਬਿਕ ਦੱਖਣੀ ਕੋਰੀਆ ਦੀਆਂ ਫਿਲਮਾਂ ਅਤੇ ਡਰਾਮੇ ਦੇਖਣ ਜਾਂ ਵੰਡਣ ਵਾਲੇ ਅਤੇ ਦੂਜੇ ਲੋਕਾਂ ਦੀ ਹੱਤਿਆ ਕਰਕੇ ਸਮਾਜਿਕ ਵਿਵਸਥਾ ਨੂੰ ਭੰਗ ਕਰਨ ਵਾਲਿਆਂ ਨੂੰ ਮੁਆਫ ਨਹੀਂ ਕੀਤਾ ਜਾਵੇਗਾ ਅਤੇ ਵੱਧ ਤੋਂ ਵੱਧ ਮੌਤ ਦੀ ਸਜ਼ਾ ਦਿੱਤੀ ਜਾਵੇਗੀ।

ਇਕ ਚਸ਼ਮਦੀਦ ਨੇ ਕਿਹਾ, "ਹੇਸਨ ਦੇ ਲੋਕ ਰਨਵੇਅ 'ਤੇ ਇਕੱਠੇ ਹੋਏ ਸਨ। ਅਧਿਕਾਰੀਆਂ ਨੇ ਕਿਸ਼ੋਰ ਵਿਦਿਆਰਥੀਆਂ ਨੂੰ ਜਨਤਾ ਦੇ ਸਾਹਮਣੇ ਰੱਖਿਆ, ਉਨ੍ਹਾਂ ਨੂੰ ਮੌਤ ਦੀ ਸਜਾ ਸੁਣਾਈ ਅਤੇ ਉਨ੍ਹਾਂ ਨੂੰ ਤੁਰੰਤ ਗੋਲੀ ਮਾਰ ਦਿੱਤੀ।"

ਉੱਤਰੀ ਕੋਰੀਆ ਦੇ ਨੇਤਾ ਕਿਮ ਜੋਂਗ-ਉਨ ਦੱਖਣੀ ਕੋਰੀਆ ਨੂੰ ਇਕ ਅਮਰੀਕੀ ਕਠਪੁਤਲੀ ਰਾਜ ਦੇ ਰੂਪ ਵਿਚ ਦੇਖਦੇ ਹਨ ਅਤੇ ਸਰਹੱਦ ਪਾਰ ਕਰਨ ਵਾਲੇ ਕਿਸੇ ਵੀ ਮੀਡੀਆ ਪ੍ਰਤੀ ਸੰਵੇਦਨਸ਼ੀਲ ਹੈ।

ਪਰ ਸਖਤ ਨਿਯੰਤਰਣ ਦੇ ਬਾਵਜੂਦ, ਅਜਿਹੀਆਂ ਵਸਤੂਆਂ ਨੂੰ ਅਕਸਰ ਡਰਾਈਵਾਂ ਜਾਂ ਕਾਰਡਾਂ 'ਤੇ ਦੇਸ ਵਿਚ ਤਸਕਰੀ ਕੀਤੀਆਂ ਜਾਂਦੀਆਂ ਹਨ। ਇਹ ਆਮ ਤੌਰ 'ਤੇ ਚੀਨ ਤੋਂ ਸਰਹੱਦ 'ਤੇ ਲਿਆਂਦੇ ਜਾਂਦੇ ਹਨ ਅਤੇ ਫਿਰ ਉੱਤਰੀ ਕੋਰੀਆ ਦੇ ਲੋਕਾਂ ਵਿਚਕਾਰ ਬਦਲੇ ਜਾਂਦੇ ਹਨ।

# ਲਖੀਮਪੁਰ ਖੀਰੀ ਹਿੰਸਾ ਮਾਮਲੇ ਵਿਚ ਕੇਂਦਰੀ ਮੰਤਰੀ ਦੇ ਬੇਟੇ ਆਸ਼ੀਸ਼ ਮਿਸਰਾ 'ਤੇ ਕਿਸਾਨਾਂ ਦੀ ਹੱਤਿਆ ਦਾ ਮੁਕੱਦਮਾ ਚੱਲੇਗਾ, ਦੋਸ਼ ਤੈਅ

ਲਖਨਊ, 6 ਦਸੰਬਰ (ਪੋਸਟ ਬਿਊਰੋ) - ਕੇਂਦਰੀ ਗ੍ਰਹਿ ਰਾਜ ਮੰਤਰੀ ਅਜੇ ਮਿਸ਼ਰਾ ਦੇ ਪੁੱਤਰ ਆਸ਼ੀਸ਼ ਮਿਸ਼ਰਾ 'ਤੇ ਪਿਛਲੇ ਸਾਲ ਉਤਰ ਪ੍ਰਦੇਸ਼ ਦੇ ਲਖੀਮਪੁਰ ਖੀਰੀ 'ਚ ਖੇਤੀ ਕਾਨੂੰਨਾਂ ਦਾ ਵਿਰੋਧ ਕਰ ਰਹੇ ਚਾਰ ਕਿਸਾਨਾਂ ਅਤੇ ਇਕ ਪੱਤਰਕਾਰ ਦੀ ਹੱਤਿਆ ਦਾ ਮੁਕੱਦਮਾ ਚਲਾਇਆ ਜਾਵੇਗਾ। ਲਖੀਮਪੁਰ ਦੀ ਇਕ ਅਦਾਲਤ ਨੇ ਅੱਜ ਉਸ ਅਤੇ ਹੋਰ ਮੁਲਜ਼ਮਾਂ ਵਿਰੁੱਧ ਦੋਸ਼ ਆਇਦ ਕੀਤੇ ਅਤੇ ਐਲਾਨ ਕੀਤਾ ਕਿ ਮੁਕੱਦਮੇ ਦੀ ਸੁਣਵਾਈ 16 ਦਸੰਬਰ ਤੋਂ ਸ਼ੁਰੂ ਹੋਵੇਗੀ। ਅਦਾਲਤ ਨੇ ਮਿਸ਼ਰਾ ਦੀ ਡਿਸਚਾਰਜ ਪਟੀਸ਼ਨ ਨੂੰ ਰੱਦ ਕਰਨ ਤੋਂ ਇਕ ਦਿਨ ਬਾਅਦ ਇਹ ਗੱਲ ਸਾਹਮਣੇ ਆਈ ਹੈ।

ਇਸ ਘਟਨਾ ਵਿਚ ਮਾਰੇ ਗਏ ਪੱਤਰਕਾਰ ਰਮਨ ਕਸ਼ਯਪ ਦੇ ਭਰਾ ਪਵਨ ਕਸ਼ਯਪ ਨੇ ਅਦਾਲਤ ਦੇ ਫੈਸਲੇ ਦਾ ਸਵਾਗਤ ਕੀਤਾ ਹੈ। ਉਨ੍ਹਾਂ ਕਿਹਾ, "ਮੈਂ ਨਿਆਂਪਾਲਿਕਾ ਦਾ ਸ਼ੁਕਰਗੁਜਾਰ ਹਾਂ। ਮੈਂ ਸੁਪਰੀਮ



ਕੋਰਟ ਦਾ ਧੰਨਵਾਦ ਕਰਨਾ ਚਾਹੁੰਦਾ ਹਾਂ। ਦੇਰੀ ਹੋਈ ਹੈ, ਪਰ ਦੋਸ਼ ਆਇਦ ਹੋਏ ਹਨ। ਮੈਨੂੰ ਨਿਆਂ ਪ੍ਰਣਾਲੀ 'ਤੇ ਪੂਰਾ ਭਰੋਸਾ ਹੈ।"

ਇਸ ਘਟਨਾ 'ਚ ਮਾਰੇ ਗਏ ਲੋਕਾਂ ਦੀ ਨੁਮਾਇੰਦਗੀ ਕਰਨ ਵਾਲੇ ਵਕੀਲ ਮੁਹੰਮਦ ਅਮਾਨ ਨੇ ਕਿਹਾ, 'ਮੁਕੱਦਮੇ ਦੀ ਸੁਣਵਾਈ 'ਚ ਦੇਰੀ ਹੋਈ ਹੈ, ਦੋਸ਼ ਤੈਅ ਕਰਨ ਵਿਚ 9 ਮਹੀਨੇ ਲੱਗ ਗਏ ਹਨ ਅਤੇ ਉਹ ਵੀ ਸੁਪਰੀਮ ਕੋਰਟ ਵਲੋਂ ਇਸ ਬਾਰੇ ਟਿੱਪਣੀ ਕਰਨ ਤੋਂ ਬਾਅਦ ਕਿਸਾਨਾਂ ਨੂੰ ਇਨਸਾਫ ਦੇਣ ਤੋਂ ਇਨਕਾਰ ਕਰ ਦਿੱਤਾ ਗਿਆ ਹੈ। "ਉਮੀਦ ਹੈ। ਮੈਨੂੰ ਲੱਗਦਾ ਹੈ ਕਿ ਮੁਕੱਦਮਾ ਤੇਜ ਹੋਣਾ ਚਾਹੀਦਾ ਹੈ।"

ਪੁਲਸ ਦੀ ਚਾਰਜਸੀਟ ਵਿਚ ਮਿਸ਼ਰਾ 'ਤੇ ਹੱਤਿਆ ਦਾ ਦੋਸ਼ ਲਗਾਇਆ ਗਿਆ ਹੈ। ਦੋਸ਼ ਹੈ ਕਿ ਉਹ 3 ਅਕਤੂਬਰ ਨੂੰ ਲਖੀਮਪੁਰ ਖੀਰੀ ਵਿਚ ਇਕ ਰੋਸ ਮਾਰਚ ਦੌਰਾਨ ਇਕ ਐੱਸ.ਯੂ.ਵੀ. ਵਿਚ ਸਵਾਰ ਸੀ ਜਿਸ ਨੇ ਚਾਰ ਕਿਸਾਨਾਂ ਅਤੇ ਇਕ ਪੱਤਰਕਾਰ ਨੂੰ ਟੱਕਰ ਮਾਰ ਦਿੱਤੀ ਸੀ। ਘਟਨਾ ਦੇ ਹੈਰਾਨ ਕਰਨ ਵਾਲੇ ਦ੍ਰਿਸ਼ ਦਿਖਾਉਂਦੇ ਹਨ ਕਿ ਕਾਰ ਤੇਜ ਰਫਤਾਰ ਨਾਲ ਪ੍ਰਦਰਸਨ ਕਰ ਰਹੇ ਕਿਸਾਨਾਂ ਨੂੰ ਟੱਕਰ ਮਾਰ ਰਹੀ ਸੀ। ਗੁੱਸੇ 'ਚ ਆਏ ਕਿਸਾਨਾਂ ਨੇ ਕਾਰ ਦਾ ਪਿੱਛਾ ਕੀਤਾ ਅਤੇ ਡਰਾਈਵਰ ਅਤੇ ਦੋ ਭਾਜਪਾ ਵਰਕਰਾਂ ਦੀ ਕਥਿਤ ਤੌਰ 'ਤੇ ਕੁੱਟਮਾਰ ਕੀਤੀ ਸੀ।

## Urgently Need New Listings in Brampton/Caledon

visit: www.teamjagaujla.com



Call **JAG AUJLA**

MCNE, REAL ESTATE BROKER

DIR: 416-371-7777

j.aujla@rogers.com

www.jagaujla.com

Follow Us:

**CALL JAG FOR A QUICK & FREE HOME EVALUATION**

www BramptonTopRealtor.com www BramptonTopAgent.com

**URGENTLY NEED NEW LISTINGS IN THIS AREA**

**RECENTLY LISTED/SOLD IN YOUR NEIGHBOURHOOD BY JAG AUJLA**

### HOUSE FOR LEASE IN CALEDON

**KENNEDY/ NEW HOUSE/ DOUGALL AVE.**

- 2500-3000 sq feet ਦਾ Detached ਘਰ
- $3,700/month (4 ਬੈੱਡਰੂਮ + 1 ਡੇਨ+ 4 ਵਾਸ਼ਰੂਮ)
- ਮੇਨ ਫਲੋਰ ਤੇ 10 ਫੁੱਟ ਦੀ ਸੀਲੀਂਗ
- 2nd ਫਲੋਰ ਤੇ 9 ਫੁੱਟ ਦੀ ਸੀਲੀਂਗ
- ਪੂਰਾ ਘਰ $4700/month with unfurnished ਬੇਸਮੈਂਟ
- HWY 410, ਸਕੂਲ, ਬਸ ਸਟੋਪ ਅਤੇ ਪਲਾਜ਼ੇ ਦੇ ਨੇੜੇ
- 1ਸਾਲ ਦੀ Lease, Credit Report, Full Rental App.
- First & Last month + Key Deposit

### LISTED IN BRAMPTON

**MAYFIELD / MCLAUGHLIN**

- Detached ਘਰ ਬਹੁਤ ਹੀ ਸੁੰਦਰ ਏਰੀਏ ਵਿੱਚ
- 3+1 ਬੈੱਡਰੂਮ + 4 ਵਾਸ਼ਰੂਮ
- 1 ਬੈੱਡਰੂਮ Legal Finished Basement with Seperate Entrance
- 9 ਫੁੱਟ ਦੀ ਸੀਲੀਂਗ
- ਸਟੈਂਡਰਡ ਓਕ ਸਟੈਅਰ ਕੇਸ
- ਮੇਨ ਕਮਰੇ ਵਿਚ ਸਟੇਨਡ ਹਾਰਡਵੁੱਡ
- ਗ੍ਰੇਨਾਈਟ ਕਾਉਂਟਰਟੌਪਸ ਨਾਲ ਅਪਗ੍ਰੇਡ ਕੀਤੀ ਕਿਚਨ
- ਮਾਸਟਰ ਬੈੱਡਰੂਮ ਵਿਚ 4 ਪੀਸੀ ਐਨਸੁਏਟ ਅਤੇ ਵਾਕ ਇਨ ਅਲਮਾਰੀ
- HWY 410, ਸਕੂਲ, ਬਸ ਸਟੋਪ ਅਤੇ ਪਲਾਜ਼ੇ ਦੇ ਨੇੜੇ

### LISTED IN BRAMPTON

**CASTLEMORE/ HUMBERWEST/AIRPORT**

- 1500-2000 sq feet ਦਾ ਘਰ
- 3+1 ਬੈੱਡਰੂਮ + 4 ਵਾਸ਼ਰੂਮ + 2 ਕਿਚਨ with Legal Finished ਬੇਸਮੈਂਟ ਅਪਾਰਟਮੈਂਟ with Seperate Entrance
- ਬੇਸਮੈਂਟ $1300 ਦੇ ਕਰਿਾਏ' ਤੇ ਦਿਤੀ ਹੈ
- Extended ਡਰਾਈਵਵੇਅ
- ਮਾਸਟਰ ਬੈੱਡਰੂਮ ਵਿਚ 4 ਪੀਸੀ ਐਨਸੁਏਟ ਅਤੇ ਵਾਕ ਇਨ ਅਲਮਾਰੀ

### FREE

- ✓ Full MLS Services
- ✓ Consistently Marketing Your Property Until SOLD
- ✓ Staging Consultation
- ✓ Billboard, Flyer, Newspaper
- ✓ Online Promotion
- ✓ Professional Pictures and Virtual Tour
- ✓ Social media & Radio Advertisement
- ✓ Open House Until Sold
- ✓ Competitive Rates, Exceptional Service & Award Winning Results

RE/MAX Realty Specialists Inc. Brokerage (Independently Owned and Operated)

Off: 905-456-3232

*(Based on units sold & commissions)** *Some Conditions Apply.

*Seller* & Jag Aujla Broker of Re/max Realty Specialist Inc. must agree on the terms & conditions, closing date and listing price at the time of listing. Guaranteed Program only for Peel Region Homes Under $1 Million Price

Call JAG AUJLA DIR: 416-371-7777

MCNE, REAL ESTATE BROKER NOT INTENDED TO SOLICIT BUYERS OR SELLER CURRENTLY UNDER CONTRACT

SEPTEMBER 2022



## REXDALE BODY SHOP

USED CAR SALE



CHEEMA

LOWEST PRICE IN TOWN

Specialization In:

- All Kinds of Body Work
- Auto Glass Windshield
- Denting, Painting & Welding

SPECIAL PAINT JOB $779

RENTAL CAR PROVIDED

25 years of Canadian Experience

OPEN MON - SAT 9AM TO 7PM

ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ

Call Rick or Manminder Cheema: 416.749.9596 /416.951.6431

Towing Service Car Paint Starts $799*upto 100% Deductible Paid*

30 Racine Rd. Toronto, ON, M9W 2Z3, FAX: 416.749.9597

www.AAABODYSHOP.ca

mcheemaaaa@hotmail.com



## Tri-City Professional Realty Inc., Brokerage.

The Future of Real Estate

www.TriCityPro.com

Number 1. Tri-City agent in Canada on basis of sales volume 2021

ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ 36 ਸਾਲਾ ਤਜਰਬੇ ਵਾਲੇ

ਅਵਤਾਰ ਸਿੰਘ ਟਿਵਾਣਾ

NEED MORE LISTINGS

- Free Evaluation of your Property
- Special Packages for First Time Buyer
- Arrangement of Low Mortgage rate Lawyer
- Arrangement of Home Inspection



Avtar Singh Tiwana

Sales Representative

Tel: 905.793.5777

416.802.5866

31 Melanie Dr. Unit #4 Brampton, ON L6T 5H8

SOLD $1,399,999

CASTLEMORE/GOREWAY

SOLD $1,749,900

8337 ਗਲਫ ਲਾਈਨ

401 & ਗਲਫ ਲਾਈਨ ਏਰੀਆ ਵਿਚ 2.61 ਏਕੜ ਲਾਟ ਵਿਚ ਬਣਿਆ ਬਹੁਤ ਹੀ ਸੁੰਦਰ ਘਰ। ਜਿਸ ਵਿਚ 2 ਬੈਡਰੂਮ, 1 ਵਾਸ਼ਰੂਮ ਹੈ। ਆਪਣਾ ਮਨਪਸੰਦ ਦਾ ਕਸਟਮ ਡਰੀਮ ਹਾਊਸ ਬਣਾਉਣ ਲਈ ਪਰਮਿਟ ਅਪਰੂਵਡ। ਹਾਈਵੇ 410 ਅਤੇ ਟਾਊਨ ਆਫ ਮਿਲਟਨ ਦੇ ਨਜ਼ਦੀਕ। ਏਅਰਪੋਰਟ ਤੋਂ ਕੁਝ ਹੀ ਮਿੰਟਾਂ ਦੀ ਦੂਰੀ ਉਤੇ। ਹੋਰ ਜਿਆਦਾ ਜਾਣਕਾਰੀ ਲਈ ਕਾਲ ਕਰੋ: 416-802-5866

SOLD $1,950,000

26 Yellow RomeRd

ਕੈਸਲਮੋਰ/ਗੋਰਵੇ

ਕੈਸਲਮੋਰ/ਗੋਰਵੇ ਦੇ ਏਰੀਆ ਵਿਚ ਬਹੁਤ ਹੀ ਸੁੰਦਰ ਫੁਲੀ ਅਪਗ੍ਰੇਡਡ ਘਰ। 4 ਬੈਡਰੂਮ ਵਿਚ ਇਨਸੂਟ ਅਤੇ ਵਾਕਇਨ ਕਲਾਜਿਟ, ਮਾਡਰਨ ਕਿਚਨ ਗ੍ਰੇਨਾਈਟ ਕਉਂਟਰ ਟਾਪ ਦੇ ਨਾਲ। 2 ਬੈਡਰੂਮਜ਼ ਦੀ ਫਿਨਿਸ਼ਡ ਬੇਸਮੇਂਟ ਵਿਚ ਸੈਪਰੇਟ ਐਂਟਰੇਂਸ, 6 ਵਾਸ਼ਰੂਮ, 2 ਫਰਿਜ, 2 ਸਟੋਵ, ਦੂਸਰੀ ਮੰਜਲ ਉਤੇ ਲਾਉਂਡਰੀ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨਾਲ






FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

**SERVING FROM ALL LOCATIONS IN GTA AREA:**

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017